SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 198 | Friday, October 27, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਹੀਟਿੰਗ ਆਇਲ ਦੀਆਂ ਕੀਮਤਾਂ ਉੱਤੇ ਰੋਕ ਤੇ ਕਾਰਬਨ ਪ੍ਰਾਈਸ ਛੋਟ ਨੂੰ ਦੁੱਗਣਾ ਕਰਨ ਜਾ ਰਹੀ ਹੈ ਫੈਡਰਲ ਸਰਕਾਰ




ਓਟਵਾ, 26 ਅਕਤੂਬਰ (ਪੋਸਟ ਬਿਊਰੋ) : ਕੈਨੇਡੀਅਨ ਸਰਕਾਰ ਪੋਲਿਊਸ਼ਨ ਪ੍ਰਾਈਸ ਛੋਟ ਨੂੰ ਦੁੱਗਣਾ ਕਰਨ ਜਾ ਰਹੀ ਹੈ। ਇਸ ਦੇ ਨਾਲ ਹੀ ਜਿਨ੍ਹਾਂ ਥਾਂਵਾਂ ਉੱਤੇ ਫੈਡਰਲ ਫਿਊਲ ਚਾਰਜ ਪ੍ਰਭਾਵੀ ਹੈ ਉੱਥੇ ਹੀਟਿੰਗ ਆਇਲ ਦੀ ਡਲਿਵਰੀ ਉੱਤੇ ਫੈਡਰਲ ਕਾਰਬਨ ਕੀਮਤਾਂ ਵਿੱਚ ਵਾਧੇ ਉੱਤੇ ਵੀ ਤਿੰਨ ਸਾਲ ਲਈ ਰੋਕ ਲਾਈ ਜਾ ਰਹੀ ਹੈ। ਇਹ ਐਲਾਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਵੀਰਵਾਰ ਨੂੰ ਕੀਤਾ।

ਇਸ ਦੌਰਾਨ ਕਲਾਈਮੇਟ ਐਕਸ਼ਨ ਇਨਸੈਂਟਿਵ ਪੇਅਮੈਂਟ ਰੂਰਲ ਟੌਪ ਅੱਪ ਰੇਟ ਵਿੱਚ ਵੀ 10 ਤੋਂ 20 ਫੀ ਸਦੀ ਦਾ ਵਾਧਾ ਕੀਤਾ ਜਾ ਰਿਹਾ ਹੈ, ਜੋ ਕਿ ਅਪਰੈਲ 2024 ਵਿੱਚ ਸ਼ੁਰੂ ਹੋਵੇਗਾ। ਟਰੂਡੋ ਨੇ ਆਖਿਆ ਕਿ ਇਹ ਕਦਮ ਪੇਂਡੂ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਐਨਰਜੀ ਦੀਆਂ ਜਿਹੜੀਆਂ ਉੱਚੀਆਂ ਕੀਮਤਾਂ ਦੇਣੀਆਂ ਪੈ ਰਹੀਆਂ ਹਨ ਉਨ੍ਹਾਂ ਨੂੰ ਘਟਾਉਣ ਲਈ ਚੁੱਕਿਆ ਜਾ ਰਿਹਾ ਹੈ।ਟਰੂਡੋ ਨੇ ਆਖਿਆ ਕਿ ਜੇ ਤੁਸੀਂ ਪੇਂਡੂ ਕਮਿਊਨਿਟੀ ਵਿੱਚ ਰਹਿ ਰਹੇ ਹੋ ਤਾਂ ਤੁਹਾਡੇ ਕੋਲ ਸ਼ਹਿਰਾਂ ਵਿੱਚ ਰਹਿਣ ਵਾਲਿਆਂ ਜਿੰਨੇ ਬਦਲ ਉਪਲਬਧ ਨਹੀਂ ਹਨ। ਇਸ ਲਈ ਅਸੀਂ ਇਹ ਗੱਲ ਸਮਝਦੇ ਹਾਂ। ਇਸੇ ਵਾਸਤੇ ਅਸੀਂ ਚਾਹੁੰਦੇ ਹਾਂ ਕਿ ਭਾਵੇਂ ਅਸੀਂ ਕਲਾਈਮੇਟ ਚੇਂਜ ਨਾਲ ਲੜਨਾ ਜਾਰੀ ਰੱਖਾਂਗੇ ਪਰ ਤੁਹਾਡੇ ਕੋਲ ਵੱਧ ਪੈਸੇ ਬਚਣੇ ਚਾਹੀਦੇ ਹਨ।

ਘਰਾਂ ਤੇ ਨਿੱਕੇ ਕਾਰੋਬਾਰਾਂ ਦੀ ਹੀਟਿੰਗ ਲਈ ਫਿਊਲ ਚਾਰਜ ਵਿੱਚ ਆਰਜ਼ੀ ਰੋਕ 14 ਦਿਨਾਂ ਦੇ ਅੰਦਰ ਸ਼ੁਰੂ ਹੋਵੇਗੀ ਤੇ ਇਹ ਉਨ੍ਹਾਂ ਸਾਰੇ ਖੇਤਰਾਂ ਉੱਤੇ ਲਾਗੂ ਹੋਵੇਗੀ ਜਿੱਥੇ ਫੈਡਰਲ ਫਿਊਲ ਚਾਰਜ ਪ੍ਰਭਾਵੀ ਹਨ। ਲਿਬਰਲਾਂ ਦੇ ਅੰਦਾਜ਼ੇ ਮੁਤਾ-ਬਕ ਇਹ ਰੋਕ 31 ਮਾਰਚ, 2027 ਤੱਕ ਜਾਰੀ ਰਹਿ ਸਕਦੀ ਹੈ। ਇਸ ਨਾਲ ਹਰ ਘਰ ਨੂੰ 250 ਡਾਲਰ ਦੀ ਹੀਟਿੰਗ ਆਇਲ ਉੱਤੇ ਬਚਤ ਹੋਵੇਗੀ।ਟਰੂਡੋ ਨੇ ਇਹ ਵੀ ਆਖਿਆ ਕਿ ਇਸ ਨਾਲ ਸਰਕਾਰ ਵੱਲੋਂ ਇੱਕਠੀ ਕੀਤੀ ਜਾਣ ਵਾਲੀ ਆਮਦਨ ਵਿੱਚ ਕਮੀ ਆਵੇਗੀ ਇਸ ਲਈ ਰਿਬੇਟ ਚੈੱਕ ਥੋੜ੍ਹੇ ਜਿਹੇ ਘੱਟ ਮਿਲ ਸਕਦੇ ਹਨ। ਇਸ ਦੇ ਨਾਲ ਹੀ ਫੈਡਰਲ ਸਰਕਾਰ ਲੋਕਾਂ ਨੂੰ ਆਪਣੇ ਘਰਾਂ ਨੂੰ ਨਿੱਘਾ ਰੱਖਣ ਲਈ ਇਲੈਕਟ੍ਰਿਕ ਹੀਟ ਪੰਪ ਦੀ ਮਦਦ ਲੈਣ ਲਈ ਹੱਲਾਸ਼ੇਰੀ ਵੀ ਦੇ ਰਹੀ ਹੈ। ਇਸ ਨੂੰ ਨਿਊ ਐਨਰਜੀ ਐਫੋਰਡੇਬਲ ਪੈਕੇਜ ਦਾ ਨਾਂ ਦਿੱਤਾ ਜਾ ਰਿਹਾ ਹੈ।

## ਮੇਨ ਵਿੱਚ ਸ਼ੂਟਿੰਗ ਲਈ ਜ਼ਿੰਮੇਵਾਰ ਮਸ਼ਕੂਕ ਦੀ ਭਾਲ ਲਈ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ ਨੂੰ ਕੀਤਾ ਗਿਆ ਐਲਰਟ



ਓਟਵਾ, 26 ਅਕਤੂਬਰ (ਪੋਸਟ ਬਿਊਰੋ) : ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ ਵੱਲੋਂ ਵੀਰਵਾਰ ਨੂੰ ਕੈਨੇਡਾ ਤੇ ਅਮਰੀਕਾ ਦੀ ਸਰਹੱਦ ਉੱਤੇ ਤਾਇਨਾਤ ਆਪਣੇ ਅਧਿਕਾਰੀਆਂ ਲਈ ਆਰਮਡ ਐਂਡ ਡੇਂਜਰਸ ਐਲਰਟ ਜਾਰੀ ਕੀਤਾ ਗਿਆ।ਇਨ੍ਹਾਂ ਅਧਿਕਾਰੀਆਂ ਨੂੰ ਉਸ ਮਸ਼ਕੂਕ ਨੂੰ ਫੜ੍ਹਨ ਲਈ ਐਲਰਟ ਕੀਤਾ ਗਿਆ ਜਿਹੜਾ ਦੱਖਣੀ ਮੇਨ ਵਿੱਚ 18 ਲੋਕਾਂ ਦਾ ਕਤਲ ਕਰਨ ਤੋਂ ਬਾਅਦ ਫਰਾਰ ਹੈ।

ਇਹ ਸ਼ੂਟਿੰਗ ਬੁੱਧਵਾਰ ਨੂੰ ਲੁਈਸਟਨ, ਜੋ ਕਿ ਨਿਊ ਬਰੰਜ਼ਵਿੱਕ ਦੇ ਬਾਰਡਰ ਤੋਂ 260 ਕਿਲੋਮੀਟਰ ਦੱਖਣ ਪੱਛਮ ਵੱਲ ਸਥਿਤ ਹੈ, ਉੱਤੇ ਹੋਈ। ਪੁਲਿਸ ਬੁਲੇਟਨ ਵਿੱਚ ਮਸ਼ਕੂਕ ਦੀ ਪਛਾਣ 40 ਸਾਲਾਂ ਦੇ ਰੌਬਰਟ ਕਾਰਡ ਵਜੋਂ ਕੀਤੀ ਗਈ ਹੈ, ਜੋ ਕਿ ਫਾਇਰਆਰਮ ਇੰਸਟ੍ਰਕਟਰ ਹੈ ਤੇ ਇਹ ਵੀ ਮੰਨਿਆ ਜਾ ਰਿਹਾ ਹੈ ਕਿ ਉਹ ਯੂਐਸ ਆਰਮੀ ਰਿਜ਼ਰਵ ਵਿੱਚ ਸੀ ਤੇ ਉਸ ਨੂੰ ਸਾਕੋ, ਮੇਨ ਦੀ ਟਰੇਨਿੰਗ ਫੈਸਿਲਿਟੀ ਉੱਤੇ ਲਾਇਆ ਗਿਆ ਸੀ।

ਕਾਰਡ ਦੀ ਤੇਜ਼ੀ ਨਾਲ ਭਾਲ ਕੀਤੀ ਜਾ ਰਹੀ ਹੈ ਤੇ ਦੱਖਣੀ ਮੇਨ ਵਾਸੀਆਂ ਨੂੰ ਆਪਣੇ ਘਰਾਂ ਨੂੰ ਤਾਲੇ ਲਾ ਕੇ ਅੰਦਰਾਂ ਵਿੱਚ ਰਹਿਣ ਦੀ ਸਲਾਹ ਦਿੱਤੀ ਗਈ ਹੈ। ਸੀਬੀਐਸਏ ਦਾ ਕਹਿਣਾ ਹੈ ਕਿ ਉਹ ਕੈਨੇਡੀਅਨ ਤੇ ਅਮਰੀਕੀ ਲਾਅ ਐਨਫੋਰਸਮੈਂਟ ਭਾਈਵਾਲਾਂ ਨਾਲ ਰਲ ਕੇ ਕੰਮ ਕਰ ਰਹੀ ਹੈ।

## ਛੁਰੇਬਾਜ਼ੀ ਵਿੱਚ ਇੱਕ ਜ਼ਖ਼ਮੀ, ਇੱਕ ਹਿਰਾਸਤ ਵਿੱਚ

ਇਟੋਬੀਕੋ, 26 ਅਕਤੂਬਰ (ਪੋਸਟ ਬਿਊਰੋ) : ਇਟੋਬੀਕੋ ਵਿੱਚ ਤੜ੍ਹਕਸਾਰ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਹਸਪਤਾਲ ਦਾਖਲ ਕਰਵ-ਾਇਆ ਗਿਆ ਤੇ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।

ਸਵੇਰੇ 5:15 ਵਜੇ ਦੇ ਨੇੜੇ ਤੇੜੇ ਦ ਈਸਟ ਮਾਲ ਤੇ ਰੈਥਬਰਨ ਰੋਡ ਨੇੜੇ ਸਥਿਤ ਇੱਕ ਘਰ ਵਿੱਚ ਛੁਰੇਬਾਜ਼ੀ ਦੀ ਵਾਪਰੀ ਘਟਨਾ ਤੋਂ ਬਾਅਦ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ਇੱਕ ਪੁਰਸ਼ ਮੌਕੇ ਉੱਤੇ ਜ਼ਖ਼ਮੀ ਹਾਲਤ ਵਿੱਚ ਮਿ-ਲਿਆ। ਉਸ ਨੂੰ ਗੰਭੀਰ ਪਰ ਸਥਿਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।

## ਅਮਰੀਕਾ ਦੇ ਰਾਸ਼ਟਰਪਤੀ ਬਾਈਡੇਨ ਨੇ ਕਿਹਾ: ਭਾਰਤ-ਮੱਧ ਪੂਰਬੀ ਕੋਰੀਡੋਰ ਇਜ਼ਰਾਈਲ-ਹਮਾਸ ਯੁੱਧ ਦਾ ਕਾਰਨ ਹੋ ਸਕਦਾ ਹੈ

### ਕਿਹਾ, ਇਹ ਮੇਰਾ ਅਨੁਮਾਨ ਹੈ, ਪਰ ਕੋਈ ਸਬੂਤ ਨਹੀਂ



ਵਾਸ਼ਿੰਗਟਨ, 26 ਅਕਤੂਬਰ (ਪੋਸਟ ਬਿਊਰੋ): ਅਮਰੀਕੀ ਰਾਸ਼ਟਰਪਤੀ ਜੋਅ ਬਾਈਡੇਨ ਨੇ ਕਿਹਾ ਹੈ ਕਿ ਭਾਰਤ-ਮੱਧ ਪੂਰਬ ਆਰਥਿਕ ਕੋਰੀਡੋਰ ਵੀ ਇਜ਼ਰਾਈਲ ਅਤੇ ਹਮਾਸ ਵਿਚਾਲੇ ਜੰਗ ਦਾ ਕਾਰਨ ਹੋ ਸਕਦਾ ਹੈ। ਆਲ ਇੰਡੀਆ ਰੇਡੀਓ ਮੁਤਾ-ਬਕ ਬਾਈਡੇਨ ਨੇ ਆਸਟ੍ਰੇਲੀਆ ਦੇ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼ ਨਾਲ ਮੁਲਾਕ-ਾਤ ਤੋਂ ਬਾਅਦ ਇਹ ਗੱਲ ਕਹੀ। ਉਨ੍ਹਾਂ ਕਿਹਾ ਕਿ ਇਹ ਸਿਰਫ ਮੇਰਾ ਅੰਦਾਜ਼ਾ ਹੈ, ਮੇਰੇ ਕੋਲ ਇਸ ਨੂੰ ਸਾਬਤ ਕਰਨ ਲਈ ਕੋਈ ਸਬੂਤ ਨਹੀਂ ਹੈ। ਇੱਕ ਹਫ਼ਤੇ ਵਿੱਚ ਇਹ ਦੂਜੀ ਵਾਰ ਹੈ ਜਦੋਂ ਬਾਈਡੇਨ ਨੇ ਹਮਾਸ ਦੇ ਹਮਲੇ ਪਿੱਛੇ ਭਾਰਤ-ਮੱਧ ਪੂਰਬ-ਯੂਰਪ ਆਰਥਿਕ ਕਾਰੀਡੋਰ ਨੂੰ ਇੱਕ ਮਹੱਤਵਪੂਰਨ ਕਾਰਨ ਦੱਸਿਆ ਹੈ। ਇਸ ਕਾਰੀਡੋਰ ਦਾ ਐਲਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤ ਵਿੱਚ ਜੀ-20 ਸੰਮੇਲਨ ਦੌਰਾਨ ਕੀਤਾ ਸੀ। ਇਜ਼ਰਾਈਲ ਨੇ ਇਸ ਲਾਂਘੇ ਨੂੰ ਏਸ਼ੀਆ ਲਈ ਬਹੁਤ ਮਹੱਤਵਪੂਰਨ ਦੱਸਿਆ ਸੀ, ਹਾਲਾਂਕਿ ਉਹ ਸਰਗਰਮ ਮੈਂਬਰ ਵਜੋਂ ਇਸ ਵਿੱਚ ਸ਼ਾਮਲਿ ਨਹੀਂ ਹੈ। ਵਿਦੇਸ਼ ਮਾਮਲਿਆਂ ਦੇ ਮਾਹਿਰ ਮਾਈਕਲ ਕੁਗਲਮੈਨ ਮੁਤਾਬਕ ਇਹ ਜੰਗ ਭਾਰਤ-ਮੱਧ ਪੂਰਬ ਕੋਰੀਡੋਰ ਲਈ ਵੱਡੀ ਚੁਣੌਤੀ ਲੈ ਕੇ ਆਈ ਹੈ। ਇਹ ਯੁੱਧ ਸਾਬਤ ਕਰਦਾ ਹੈ ਕਿ ਦੁਨੀਆਂ ਨੂੰ ਜੋੜਨ ਲਈ ਇੱਕ ਗਲਿਆਰਾ ਬਣਾਉਣਾ ਕਿੰਨਾ ਔਖਾ ਕੰਮ ਹੈ।

## ਮਿਸੀਸਾਗਾ ਵਿੱਚ ਚੱਲੀ ਗੋਲੀ, 2 ਜ਼ਖ਼ਮੀ

ਮਿਸੀਸਾਗਾ, 26 ਅਕਤੂਬਰ (ਪੋਸਟ ਬਿਊਰੋ) : ਵੀਰਵਾਰ ਸਵੇਰੇ ਮਿਸੀਸਾਗਾ ਵਿੱਚ ਹੋਈ ਸ਼ੂਟਿੰਗ ਵਿੱਚ ਦੋ ਵਿਅਕਤੀ ਜ਼ਖ਼ਮੀ ਹੋ ਗਏ ਤੇ ਦੋਵਾਂ ਨੂੰ ਹਸਪਤਾਲ ਲਿਜਾਇਆ ਗਿਆ। ਪੀਲ ਰੀਜਨਲ ਪੁਲਿਸ ਅਧਿਕਾਰੀਆਂ ਨੂੰ ਸਵੇਰੇ 5:00 ਵਜੇ ਤੋਂ ਬਾਅਦ ਏਅਰਪੋਰਟ ਰੋਡ ਨੇੜੇ ਡੈਰੀ ਰੋਡ ਈਸਟ ਤੇ ਕੈਟਰਿਕ ਸਟਰੀਟ ਇਲਾਕੇ ਵਿੱਚ ਸੱਦਿਆ ਗਿਆ। ਪੁਲਿਸ ਨੇ ਆਖਿਆ ਕਿ ਦੋ ਵਿਅਕਤੀ ਇਸ ਘਟਨਾ ਵਿੱਚ ਜ਼ਖ਼ਮੀ ਹੋ ਗਏ ਤੇ ਦੋਵਾਂ ਦੀ ਹਾਲਤ ਖਤਰੇ ਤੋਂ ਬਾਹਰ ਹੈ। ਮਸ਼ਕੂਕਾਂ ਬਾਰੇ ਅਜੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ। ਇਸ ਸਮੇਂ ਹੋਰ ਕਿਸੇ ਵੀ ਤਰ੍ਹਾਂ ਦਾ ਵੇਰਵਾ ਜਾਰੀ ਨਹੀਂ ਕੀਤਾ ਗਿਆ।

## ਸਕੂਲ ਦੇ ਨੇੜੇ ਵਿਦਿਆਰਥੀ ਨੂੰ ਚਾਕੂ ਮਾਰ ਕੇ ਕੀਤਾ ਗਿਆ ਜ਼ਖ਼ਮੀ



ਟੋਰਾਂਟੋ, 26 ਅਕਤੂਬਰ (ਪੋਸਟ ਬਿਊਰੋ) : ਸ਼ਹਿਰ ਦੇ ਪੱਛਮੀ ਹਿੱਸੇ ਵਿੱਚ ਸਥਿਤ ਹਾਈ ਸਕੂਲ ਦੇ ਨੇੜੇ ਇੱਕ ਵਿਦਿਆਰਥੀ ਨੂੰ ਚਾਕੂ ਮਾਰ ਕੇ ਜ਼ਖ਼ਮੀ ਕਰ ਦਿੱਤਾ ਗਿਆ।ਟੋਰਾਂਟੋ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਹ ਛੁਰੇਬਾਜ਼ੀ ਦੁਪਹਿਰੇ 1:00 ਵਜੇ ਤੋਂ ਪਹਿਲਾਂ ਰੀਗਲ ਹਾਈਟਸ ਵਿੱਚ ਓਕਵੁੱਡ ਕਾਲਜੀਏਟ ਇੰਸਟੀਚਿਊਟ ਨੇੜੇ ਹੋਈ। ਇੱਕ ਅਪਡੇਟ ਵਿੱਚ ਪੁਲਿਸ ਦੇ ਬੁਲਾਰੇ ਨੇ ਦੱਸਿਆ ਕਿ ਇਹ ਘਟਨਾ ਸਕੂਲ ਦੇ ਨੇੜੇ ਹੀ ਵਾਪਰੀ।ਡਿਊਟੀ ਇੰਸਪੈਕਟਰ ਪੀਟਰ ਵਹਿਬੀ ਨੇ ਦੱਸਿਆ ਕਿ 17 ਸਾਲਾ ਵਿਦਿਆਰਥੀ ਸਕੂਲ ਦੇ ਨੇੜੇ ਹੀ ਚਾਕੂ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿ-ਲਿਆ। ਇੰਸਪੈਕਟਰ ਵਹਿਬੀ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਇਹ ਹਿੰਸਕ ਵਾਰਦਾਤ ਸਕੂਲ ਦੇ ਬਾਹਰ ਵਾਪਰੀ ਤੇ ਵਿਦਿਆਰਥੀ ਮਦਦ ਲੈਣ ਲਈ ਉੱਥੇ ਪਰਤ ਆਇਆ। ਉਸ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਜਿੱਥੇ ਹੁਣ ਉਸ ਦੀ ਹਾਲਤ ਸਥਿਰ ਦੱਸੀ ਜਾਂਦੀ ਹੈ।

ਡਫਰਿਨ ਸਟਰੀਟ ਨੇੜੇ ਸੇਂਟ ਕਲੇਅਰ ਐਵਨਿਊ ਉੱਤੇ ਸਥਿਤ ਹਾਈ ਸਕੂਲ ਵਿੱਚ ਪਹਿਲਾਂ ਲਾਕਡਾਊਨ ਲਾ ਦਿੱਤਾ ਗਿਆ ਸੀ ਪਰ ਬਾਅਤ ਵਿੱਚ ਇਸ ਨੂੰ ਹਟਾਅ ਲਿਆ ਗਿਆ। ਦੁਪਹਿਰੇ 3:00 ਵਜੇ ਦੇ ਨੇੜੇ ਤੇੜੇ ਵਿਦਿਆਰਥੀਆਂ ਨੂੰ ਛੁੱਟੀ ਦਿੱਤੀ ਗਈ।ਕਿਸੇ ਮਸ਼ਕੂਕ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਹੈ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
*Trademark used under licence by Allstate Insurance Company. 232374 | 6-23

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance Walkie pallet Electric Motor Narrow Aisle Reach Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਇਮਰਾਨ ਖਾਨ ਨੇ ਨਵਾਜ਼ ਸ਼ਰੀਫ ਨੂੰ ਕਿਹਾ: 'ਜਿੱਥੋਂ ਵੀ ਤੁਸੀਂ ਚੋਣ ਲੜੋਗੇ, ਮੈਂ ਵੀ ਉੱਥੋਂ ਹੀ ਲੜਾਂਗਾ'



ਇਸਲਾਮਾਬਾਦ, 26 ਅਕਤੂਬਰ (ਪੋਸਟ ਬਿਊਰੋ): ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀ.ਟੀ.ਆਈ.) ਪਾਰਟੀ ਦੇ ਚੇਅਰਮੈਨ ਅਤੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੇ ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਨੂੰ ਵੱਡੀ ਚੁਣੌਤੀ ਦਿੱਤੀ ਹੈ। ਇਮਰਾਨ ਖਾਨ ਨੇ ਨਵਾਜ਼ ਸ਼ਰੀਫ ਨੂੰ ਚੁਣੌਤੀ ਦਿੰਦੇ ਹੋਏ ਕਿਹਾ ਕਿ ਅਗਲੀਆਂ ਆਮ ਚੋਣਾਂ ਵਿਚ ਜੋ ਵੀ ਸੀਟ ਚਾਹੋ ਚੁਣੋ। ਮੈਂ ਤੁਹਾਡੇ ਖਿਲਾਫ ਉਸੇ ਸੀਟ 'ਤੇ ਚੋਣ ਲੜਾਂਗਾ। ਇਮਰਾਨ ਦੀ ਇਹ ਚੁਣੌਤੀ ਉਨ੍ਹਾਂ ਦੇ 'ਐਕਸ' ਹੈਂਡਲ ਤੋਂ ਪੋਸਟ ਕੀਤੀ ਗਈ ਵੀਡੀਓ ਦੇ ਰੂਪ ਵਿਚ ਸਾਹਮਣੇ ਆਈ ਹੈ। ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਗੁਪਤ ਦਸਤਾਵੇਜ਼ ਲੀਕ ਮਾਮਲੇ ਵਿਚ ਅਗਸਤ ਦੇ ਸ਼ੁਰੂ ਤੋਂ ਰਾਵਲਪਿੰਡੀ ਦੀ ਅਦਿਆਲਾ ਜੇਲ੍ਹ ਵਿਚ ਬੰਦ ਹਨ।

ਇਮਰਾਨ ਖਾਨ ਦਾ ਨਵਾਜ਼ ਨੂੰ ਚੁਣੌਤੀ ਦੇਣ ਦਾ ਇਹ ਵੀਡੀਓ ਉਨ੍ਹਾਂ ਦੀ ਗ੍ਰਿਫਤਾਰੀ ਤੋਂ ਪਹਿਲਾਂ ਰਿਕਾਰਡ ਕੀਤਾ ਗਿਆ ਸੀ। ਉਨ੍ਹਾਂ ਨੇ ਅੱਗੇ ਕਿਹਾ ਹੈ ਕਿ ਉਨ੍ਹਾਂ ਨੂੰ ਇਸ ਨਾਲ ਕੋਈ ਫਰਕ ਨਹੀਂ ਪੈਂਦਾ ਕਿ ਨਵਾਜ਼ ਸ਼ਰੀਫ ਕਿਸ ਹਲਕੇ ਤੋਂ ਚੋਣ ਲੜਨਗੇ। ਖਾਨ ਦੀ ਚੁਣੌਤੀ ਉਨ੍ਹਾਂ ਦੇ 'ਐਕਸ' ਹੈਂਡਲ ਤੋਂ ਪੋਸਟ ਕੀਤੀ ਗਈ ਵੀਡੀਓ ਦੇ ਰੂਪ ਵਿਚ ਆਈ ਹੈ।

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਿਰੜੀ ਸਾਈਂਬਾਬਾ ਮੰਦਰ ਵਿੱਚ ਕੀਤੀ ਪੂਜਾ



ਸ਼ਿਰੜੀ, 26 ਅਕਤੂਬਰ (ਪੋਸਟ ਬਿਊਰੋ): ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸ਼ਿਰੜੀ ਪਹੁੰਚੇ, ਜਿੱਥੇ ਉਨ੍ਹਾਂ ਨੇ ਸਾਈਬਾਬਾ ਮੰਦਰ ਵਿਚ ਪੂਜਾ ਕੀਤੀ। ਪ੍ਰਧਾਨ ਮੰਤਰੀ ਮੋਦੀ ਨਾਲ ਮਹਾਰਾਸ਼ਟਰ ਦੇ ਰਾਜਪਾਲ ਰਮੇਸ਼ ਬੈਸ, ਮੁੱਖ ਮੰਤਰੀ ਏਕਨਾਥ ਸ਼ਿੰਦੇ ਅਤੇ ਉਪ ਮੁੱਖ ਮੰਤਰੀ ਦਵਿੰਦਰ ਫੜਨਵੀਸ ਵੀ ਮੌਜੂਦ ਸਨ। ਪ੍ਰਧਾਨ ਮੰਤਰੀ ਮੋਦੀ ਆਪਣੇ ਮਹਾਰਾਸ਼ਟਰ ਦੌਰੇ ਦੌਰਾਨ 'ਨਮੋ ਸ਼ੇਤਕਾਰੀ ਮਹਾਸਮਾਨ ਨਿਧੀ ਯੋਜਨਾ' ਦੀ ਸ਼ੁਰੂਆਤ ਕਰਨਗੇ। ਇਸ ਦੇ ਨਾਲ ਹੀ ਉਹ ਮਹਾਰਾਸ਼ਟਰ ਵਿੱਚ ਕਰੀਬ 7,500 ਕਰੋੜ ਰੁਪਏ ਦੇ ਕਈ ਵਿਕਾਸ ਪ੍ਰਾਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਸਾਈਬਾਬਾ ਮੰਦਰ ਵਿਚ ਪੂਜਾ ਕਰਨ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਵੇਂ ਦਰਸ਼ਨ ਕਤਾਰ ਕੰਪਲੈਕਸ ਦਾ ਉਦਘਾਟਨ ਕੀਤਾ। ਪ੍ਰਧਾਨ ਮੰਤਰੀ ਨੀਲਵੰਡੇ ਡੈਮ ਦਾ ਜਲ ਪੂਜਨ ਕੀਤਾ ਅਤੇ ਡੈਮ ਦਾ ਇੱਕ ਨਹਿਰੀ ਨੈੱਟਵਰਕ ਰਾਸ਼ਟਰ ਨੂੰ ਸਮਰਪਿਤ ਕੀਤਾ। ਸ਼ਿਰੜੀ ਵਿੱਚ ਉਨ੍ਹਾਂ ਨੇ ਸਿਹਤ, ਰੇਲ, ਸੜਕਾਂ ਅਤੇ ਤੇਲ ਅਤੇ ਗੈਸ ਵਰਗੇ ਖੇਤਰਾਂ ਵਿਚ ਲਗਭਗ 7500 ਕਰੋੜ ਰੁਪਏ ਦੇ ਕਈ ਵਿਕਾਸ ਪ੍ਰਾਜੈਕਟਾਂ ਦਾ ਉਦਘਾਟਨ ਕੀਤਾ।

# ਭਾਰਤੀ ਜਲ ਸੈਨਾ ਦੇ 8 ਸਾਬਕਾ ਅਧਿਕਾਰੀਆਂ ਨੂੰ ਕਤਰ ਨੇ ਸੁਣਾਈ ਮੌਤ ਦੀ ਸਜ਼ਾ



ਦੋਹਾ, 26 ਅਕਤੂਬਰ (ਪੋਸਟ ਬਿਊਰੋ): ਕਤਰ ਦੀ ਇੱਕ ਅਦਾਲਤ ਨੇ ਇੱਕ ਸਾਲ ਤੋਂ ਵੱਧ ਸਮੇਂ ਤੱਕ ਨਜ਼ਰਬੰਦ ਰਹਿਣ ਤੋਂ ਬਾਅਦ ਭਾਰਤੀ ਜਲ ਸੈਨਾ ਦੇ ਅੱਠ ਸਾਬਕਾ ਕਰਮਚਾਰੀਆਂ ਨੂੰ ਮੌਤ ਦੀ ਸਜ਼ਾ ਸੁਣਾਈ ਹੈ। ਭਾਰਤ ਸਰਕਾਰ ਨੇ ਸਜ਼ਾ 'ਤੇ ਸਦਮਾ ਪ੍ਰਗਟਾਇਆ ਅਤੇ ਆਪਣੇ ਨਾਗਰਿਕਾਂ ਦੀ ਰਿਹਾਈ ਨੂੰ ਸੁਰੱਖਿਅਤ ਕਰਨ ਲਈ ਸਾਰੇ ਉਪਲਬਧ ਕਾਨੂੰਨੀ ਵਿਕਲਪਾਂ ਦੀ ਪੜਚੋਲ ਕਰਨ ਦਾ ਵਾਅਦਾ ਕੀਤਾ। ਇਨ੍ਹਾਂ ਅਧਿਕਾਰੀਆਂ ਨੂੰ ਕਤਰ ਨੇ ਜਾਸੂਸੀ ਦੇ ਦੋਸ਼ ਵਿੱਚ ਇੱਕ ਸਾਲ ਤੋਂ ਵੱਧ ਸਮੇਂ ਤੋਂ ਜੇਲ੍ਹ ਵਿੱਚ ਰੱਖਿਆ ਹੈ। ਦੱਸ ਦੇਈਏ ਕਿ ਇਨ੍ਹਾਂ ਲੋਕਾਂ ਵਿਚ ਕਈ ਅਜਿਹੇ ਅਧਿਕਾਰੀ ਵੀ ਸ਼ਾਮਿਲ ਹਨ, ਜਿਨ੍ਹਾਂ ਨੇ ਭਾਰਤੀ ਜਲ ਸੈਨਾ ਵਿੱਚ ਰਹਿੰਦਿਆਂ ਵੱਡੇ ਭਾਰਤੀ ਜੰਗੀ ਜਹਾਜ਼ਾਂ ਦੀ ਕਮਾਂਡ ਕੀਤੀ ਸੀ।

ਇਸ ਦੇ ਜਵਾਬ ਵਿੱਚ, ਵਿਦੇਸ਼ ਮੰਤਰਾਲਿਆ ਨੇ ਕਿਹਾ ਕਿ ਉਹ ਇਸ ਮਾਮਲੇ ਨੂੰ 'ਬਹੁਤ ਮਹੱਤਵ' ਦੇ ਰਿਹਾ ਹੈ ਅਤੇ ਸਾਰੇ ਕਾਨੂੰਨੀ ਵਿਕਲਪਾਂ ਦੀ ਪੜਚੋਲ ਕਰ ਰਿਹਾ ਹੈ। ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਉਸ ਨੂੰ ਸ਼ੁਰੂਆਤੀ ਤੌਰ 'ਤੇ ਜਾਣਕਾਰੀ ਮਿਲੀ ਹੈ ਕਿ ਕਤਰ ਦੀ ਅਦਾਲਤ ਨੇ ਅੱਜ ਅਲ ਦਹਰਾ ਕੰਪਨੀ ਦੇ ਅੱਠ ਭਾਰਤੀ ਕਰਮਚਾਰੀਆਂ ਦੇ ਮਾਮਲੇ ਵਿੱਚ ਆਪਣਾ ਫੈਸਲਾ ਸੁਣਾਇਆ ਹੈ। ਮੰਤਰਾਲੇ ਨੇ ਕਿਹਾ ਕਿ ਅਸੀਂ ਮੌਤ ਦੀ ਸਜ਼ਾ ਤੋਂ ਬਹੁਤ ਹੈਰਾਨ ਹਾਂ ਅਤੇ ਫੈਸਲੇ ਦੇ ਪੂਰੇ ਵੇਰਵਿਆਂ ਦੀ ਉਡੀਕ ਕਰ ਰਹੇ ਹਾਂ। ਅਸੀਂ ਪਰਿਵਾਰਕ ਮੈਂਬਰਾਂ ਅਤੇ ਕਾਨੂੰਨੀ ਟੀਮ ਦੇ ਸੰਪਰਕ ਵਿੱਚ ਹਾਂ। ਕਤਰ ਵਿੱਚ ਭਾਰਤ ਦੇ ਰਾਜਦੂਤ ਨੇ ਕੂਟਨੀਤਕ ਪਹੁੰਚ ਮਿਲਣ ਤੋਂ ਬਾਅਦ 1 ਅਕਤੂਬਰ ਨੂੰ ਇਨ੍ਹਾਂ ਜੇਲ੍ਹਾਂ ਵਿੱਚ ਬੰਦ ਭਾਰਤੀਆਂ ਨਾਲ ਮੁਲਾਕਾਤ ਕੀਤੀ ਸੀ।

ਮੀਡੀਆ ਰਿਪੋਰਟਾਂ ਮੁਤਾਬਕ ਭਾਰਤੀ ਜਲ ਸੈਨਾ 'ਚ ਵੱਖ-ਵੱਖ ਅਹੁਦਿਆਂ 'ਤੇ ਕੰਮ ਕਰ ਚੁੱਕੇ ਇਨ੍ਹਾਂ ਸਾਬਕਾ ਅਫਸਰਾਂ 'ਤੇ ਇਜ਼ਰਾਈਲ ਲਈ ਜਾਸੂਸੀ ਕਰਨ ਦਾ ਦੋਸ਼ ਹੈ। ਰਿਪੋਰਟ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਅਧਿਕਾਰੀਆਂ ਨੇ ਇਟਲੀ ਤੋਂ ਉੱਨਤ ਪਣਡੁੱਬੀਆਂ ਖਰੀਦਣ ਦੇ ਕਤਰ ਦੇ ਗੁਪਤ ਪ੍ਰੋਗਰਾਮ ਦੇ ਵੇਰਵੇ ਮੁਹੱਈਆ ਕਰਵਾਏ ਸਨ। ਰਿਪੋਰਟ ਮੁਤਾਬਕ ਇਕ ਪ੍ਰਾਈਵੇਟ ਡਿਫੈਂਸ ਕੰਪਨੀ ਦੇ ਸੀਈਓ ਅਤੇ ਕਤਰ ਦੇ ਅੰਤਰਰਾਸ਼ਟਰੀ ਫੌਜੀ ਆਪ੍ਰੇਸ਼ਨ ਦੇ ਮੁਖੀ ਨੂੰ ਵੀ ਇਸੇ ਮਾਮਲੇ ਵਿਚ ਗ੍ਰਿਫਤਾਰ ਕੀਤਾ ਗਿਆ ਹੈ। ਭਾਰਤੀ ਜਲ ਸੈਨਾ ਦੇ ਸਾਰੇ ਅੱਠ ਅਧਿਕਾਰੀ ਵੀ ਇਸ ਕੰਪਨੀ ਵਿੱਚ ਕੰਮ ਕਰਦੇ ਸਨ।

## ਅੱਜ ਨਾਮਾ >>

ਹੁੱਲੜਬਾਜ਼ਾਂ ਨੂੰ ਭੈਅ ਜਿਹਾ ਕੋਈ ਨਾਹੀਂ,
ਹਰ ਕੋਈ ਆਪਣੀ ਧੌਂਸ ਚਲਾਈ ਜਾਂਦਾ।
ਉੱਠੀ ਗਲਤ ਤਰੰਗ ਕੋਈ ਚਿੱਤ ਅੰਦਰ,
ਉਸੇ ਮੁਤਾਬਕ ਹੈ ਪਾਈ ਦੁਹਾਈ ਜਾਂਦਾ।
ਕੋਈ ਕਿਸੇ ਨੂੰ ਚੋਰ ਜੇ ਕਹਿਣ ਲੱਗਦਾ,
ਮੁਹੱਲਾ ਪੂਰਾ ਹੈ ਕੁੱਟੀ-ਕੁਟਾਈ ਜਾਂਦਾ।
ਆਏ ਦਿਨ ਮਾਰੇ ਆ ਲੋਕ ਗਰੀਬ ਜਾਂਦੇ,
ਸੁਣੋਂ ਤਾਂ ਕਾਲਜਾ ਮੂੰਹ ਨੂੰ ਆਈ ਜਾਂਦਾ।
ਰਿਹਾ ਸਮਾਜ ਨਹੀਂ ਕਿਸੇ ਬੰਧੇਜ ਅੰਦਰ,
ਹਰ ਕੋਈ ਆਪੇ ਹੀ ਬਣੀ ਪ੍ਰਧਾਨ ਜਾਂਦਾ।
ਕਰਦਾ ਬੰਦੇ ਦਾ ਬੰਦਾ ਨੁਕਸਾਨ ਫਿਰਦਾ,
ਤੇ ਨਾਲੇ ਦੇਸ਼ ਦਾ ਹੋਈ ਨੁਕਸਾਨ ਜਾਂਦਾ।

ਤੀਸ ਮਾਰ ਖਾਂ

# ਕਾਂਗਰਸ ਵੱਲੋਂ ਚੋਣ ਲੜਨ ਲਈ ਐੱਸ.ਡੀ.ਐੱਮ.ਨੇ ਨੌਕਰੀ ਤੋਂ ਦਿੱਤਾ ਅਸਤੀਫਾ, ਪਰ ਹਾਲੇ ਤੱਕ ਟਿਕਟ ਨਹੀਂ ਮਿਲੀ



ਭੋਪਾਲ, 26 ਅਕਤੂਬਰ (ਪੋਸਟ ਬਿਊਰੋ): ਮੱਧ ਪ੍ਰਦੇਸ਼ ਵਿੱਚ ਚੋਣਾਂ ਦੀ ਤਿਆਰੀ ਹੋ ਚੁੱਕੀ ਹੈ। ਪਾਰਟੀਆਂ ਨੇ ਆਪਣੇ ਉਮੀਦਵਾਰ ਐਲਾਨ ਦਿੱਤੇ ਹਨ। ਇਸ ਦੌਰਾਨ ਡਿਪਟੀ ਕਲੈਕਟਰ ਦੇ ਅਹੁਦੇ ਤੋਂ ਅਸਤੀਫਾ ਦੇਣ ਵਾਲੀ ਨਿਸ਼ਾ ਬਾਂਗਰੇ ਇੱਕ ਵਾਰ ਫਿਰ ਸੁਰਖੀਆਂ ਵਿਚ ਹਨ। ਦਰਅਸਲ ਕਾਂਗਰਸ ਪਾਰਟੀ ਤੋਂ ਵਿਸ਼ਵਾਸ਼ ਮਿਲਣ ਤੋਂ ਬਾਅਦ ਉਨ੍ਹਾਂ ਨੇ ਨੌਕਰੀ ਤੋਂ ਅਸਤੀਫਾ ਦੇ ਦਿੱਤਾ ਸੀ। ਪਰ ਸਰਕਾਰ ਨੇ ਕਾਫੀ ਦੇਰ ਤੱਕ ਅਸਤੀਫਾ ਪ੍ਰਵਾਨ ਨਹੀਂ ਕੀਤਾ। ਇਸ ਤੋਂ ਬਾਅਦ ਉਨ੍ਹਾਂ ਨੇ ਅਦਾਲਤ ਦੀ ਸ਼ਰਨ ਲਈ, ਜਿਸ ਤੋਂ ਬਾਅਦ ਸਰਕਾਰ ਨੇ ਅਸਤੀਫਾ ਸਵੀਕਾਰ ਕਰ ਲਿਆ। ਪਰ ਉਦੋਂ ਤੱਕ ਬਹੁਤ ਦੇਰ ਹੋ ਚੁੱਕੀ ਸੀ।

ਨਿਸ਼ਾ ਬੈਤੂਲ ਜ਼ਿਲ੍ਹੇ ਦੇ ਆਮਲਾ ਵਿਧਾਨ ਸਭਾ ਹਲਕੇ ਤੋਂ ਚੋਣ ਲੜਨ ਦੀ ਕੋਸ਼ਿਸ਼ ਕਰ ਰਹੇ ਹਨ। ਸੂਬੇ 'ਚ ਵਿਧਾਨ ਸਭਾ ਚੋਣਾਂ ਦੇ ਐਲਾਨ ਤੋਂ ਪਹਿਲਾਂ ਹੀ ਨਿਸ਼ਾ ਬਾਂਗਰੇ ਨੇ ਡਿਪਟੀ ਕਲੈਕਟਰ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। ਉਹ ਛਤਰਪੁਰ ਜ਼ਿਲ੍ਹੇ ਦੇ ਲਵ ਕੁਸ਼ ਨਗਰ ਵਿੱਚ ਤਾਇਨਾਤ ਸਨ, ਉਨ੍ਹਾਂ ਨੇ ਆਮਲਾ ਤੋਂ ਚੋਣ ਲੜਨ ਦਾ ਫੈਸਲਾ ਕੀਤਾ ਸੀ ਅਤੇ ਸੰਭਾਵਨਾ ਸੀ ਕਿ ਕਾਂਗਰਸ ਉਨ੍ਹਾਂ ਨੂੰ ਇੱਥੋਂ ਮੈਦਾਨ ਵਿਚ ਉਤਾਰੇਗੀ। ਪਰ ਜਦੋਂ ਤੱਕ ਉਨ੍ਹਾਂ ਦਾ ਅਸਤੀਫਾ ਪ੍ਰਵਾਨ ਕੀਤਾ ਗਿਆ, ਉਦੋਂ ਤੱਕ ਕਾਂਗਰਸ ਪਾਰਟੀ ਨੇ ਆਮਲਾ ਵਿਧਾਨ ਸਭਾ ਹਲਕੇ ਤੋਂ ਆਪਣਾ ਉਮੀਦਵਾਰ ਐਲਾਨ ਦਿੱਤਾ ਸੀ। ਹੁਣ ਸਾਬਕਾ ਡਿਪਟੀ ਕਲੈਕਟਰ ਨਿਸ਼ਾ ਬਾਂਗਰੇ ਦੀ ਹਾਲਤ ਨਾ ਘਰ, ਨਾ ਘਾਟ ਵਰਗੀ ਹੋ ਗਈ ਹੈ।


REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਪਾਕਿਸਤਾਨ ਵਿੱਚ ਅੱਤਵਾਦੀਆਂ ਨੇ ਫੌਜ ਦੀ ਚੌਕੀ 'ਤੇ ਕੀਤਾ ਹਮਲਾ, 3 ਜਵਾਨ ਜ਼ਖਮੀ



ਇਸਲਾਮਾਬਾਦ, 26 ਅਕਤੂਬਰ (ਪੋਸਟ ਬਿਊਰੋ): ਪਾਕਿਸਤਾਨ 'ਚ ਅੱਤਵਾਦੀ ਹਮਲਿਆਂ ਵਿੱਚ ਆਮ ਨਾਗਰਿਕ ਆਪਣੀ ਜਾਨ ਗੁਆ ਰਹੇ ਹਨ। ਅੱਤਵਾਦੀ ਲਗਾਤਾਰ ਪਾਕਿਸਤਾਨੀ ਫੌਜ ਅਤੇ ਪੁਲਸ ਨੂੰ ਵੀ ਨਿਸ਼ਾਨਾ ਬਣਾ ਰਹੇ ਹਨ। ਅੱਤਵਾਦੀਆਂ ਨੂੰ ਸੁਰੱਖਿਅਤ ਪਨਾਹ ਦੇਣ ਤੋਂ ਲੈ ਕੇ ਪਾਕਿਸਤਾਨ ਉਨ੍ਹਾਂ ਨੂੰ ਦੂਜੇ ਦੇਸ਼ਾਂ ਖਾਸ ਕਰਕੇ ਭਾਰਤ 'ਚ ਦਹਿਸ਼ਤ ਫੈਲਾਉਣ ਅਤੇ ਹਮਲੇ ਕਰਨ ਲਈ ਹਰ ਤਰ੍ਹਾਂ ਦਾ ਸਾਜ਼ੋ-ਸਾਮਾਨ ਮੁਹੱਈਆ ਕਰਵਾ ਰਿਹਾ ਹੈ। ਪਰ ਹੁਣ ਉਹ ਖੁਦ ਇਨ੍ਹਾਂ ਅੱਤਵਾਦੀ ਹਮਲਿਆਂ ਦਾ ਸਾਹਮਣਾ ਕਰਨ ਲਈ ਮਜਬੂਰ ਹੋ ਗਿਆ ਹੈ। ਤਾਜ਼ਾ ਅੱਤਵਾਦੀ ਹਮਲੇ 'ਚ ਪਾਕਿਸਤਾਨ ਦੇ ਤਿੰਨ ਫੌਜੀ ਜ਼ਖਮੀ ਹੋ ਗਏ ਹਨ।

ਦੱਸਿਆ ਜਾ ਰਿਹਾ ਹੈ ਕਿ ਪਾਕਿਸਤਾਨ ਦੇ ਖੈਬਰ ਪਖਤੂਨਖਵਾ ਸੂਬੇ ਵਿੱਚ ਇਕ ਸੁਰੱਖਿਆ ਜਾਂਚ ਚੌਕੀ 'ਤੇ ਹੋਏ ਅੱਤਵਾਦੀ ਹਮਲੇ ਵਿਚ ਫੌਜ ਦੇ ਘੱਟੋ-ਘੱਟ ਤਿੰਨ ਜਵਾਨ ਜ਼ਖਮੀ ਹੋ ਗਏ। ਪੁਲਿਸ ਨੇ ਇਹ ਜਾਣਕਾਰੀ ਦਿੱਤੀ। ਇਹ ਘਟਨਾ ਸੂਬੇ ਦੇ ਖੈਬਰ ਜ਼ਿਲ੍ਹੇ ਵਿੱਚ ਬੁੱਧਵਾਰ ਨੂੰ ਵਾਪਰੀ ਜਦੋਂ ਹਮਲਾਵਰ ਨੇ ਵਿਸਫੋਟਕਾਂ ਨਾਲ ਭਰੀ ਇੱਕ ਕਾਰ ਸਰੋਜ਼ਈ ਵਿਖੇ ਇੱਕ ਚੈਕ ਪੋਸਟ ਵਿੱਚ ਟਕਰਾ ਦਿੱਤੀ। ਪੁਲਸ ਨੇ ਦੱਸਿਆ ਕਿ ਹਮਲੇ ਵਿਚ ਤਿੰਨ ਫੌਜੀ ਜ਼ਖਮੀ ਹੋਏ ਹਨ, ਜਿਨ੍ਹਾਂ ਨੂੰ ਨੇੜੇ ਦੇ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਹੈ। ਇਸ ਤੋਂ ਬਾਅਦ ਸੁਰੱਖਿਆ ਬਲ ਮੌਕੇ 'ਤੇ ਪਹੁੰਚੇ ਅਤੇ ਤਲਾਸ਼ੀ ਮੁਹਿੰਮ ਲਈ ਪੂਰੇ ਇਲਾਕੇ ਨੂੰ ਘੇਰ ਲਿਆ।

# ਦਿੱਲੀ ਏਅਰਪੋਰਟ ਤੱਕ ਪਹੁੰਚਣਾ ਹੁਣ ਹੋਵੇਗਾ ਸੌਖਾ, 2 ਨਵੇਂ ਫਲਾਈਓਵਰ ਸ਼ੁਰੂ



ਨਵੀਂ ਦਿੱਲੀ, 26 ਅਕਤੂਬਰ (ਪੋਸਟ ਬਿਊਰੋ): ਦਿੱਲੀ ਦੇ ਕਈ ਇਲਾਕੇ ਟ੍ਰੈਫਿਕ ਜਾਮ ਲਈ ਮਸ਼ਹੂਰ ਹਨ। ਇਨ੍ਹਾਂ ਵਿੱਚੋਂ ਇੱਕ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਵੱਲ ਜਾਣ ਵਾਲੀ ਸੜਕ ਹੈ। ਇਹ ਇਲਾਕਾ ਆਪਣੇ ਭਿਆਨਕ ਟ੍ਰੈਫਿਕ ਜਾਮ ਲਈ ਵੀ ਜਾਣਿਆ ਜਾਂਦਾ ਹੈ। ਹੁਣ ਇਸ ਨੂੰ ਜਾਮ ਮੁਕਤ ਕਰਨ ਲਈ ਉਪਰਾਲੇ ਕੀਤੇ ਜਾ ਰਹੇ ਹਨ। ਜਾਣਕਾਰੀ ਮੁਤਾਬਕ ਇੰਦਰਾ ਗਾਂਧੀ ਅੰਤਰਰਾਸ਼ਟਰੀ ਏਅਰਪੋਰਟ ਖੇਤਰ ਵਿਚ ਯਾਤਰੀਆਂ ਦੇ ਸਫਰ ਨੂੰ ਸੁਖਾਲਾ ਬਣਾਉਣ ਲਈ ਦੋ ਨਵੇਂ ਫਲਾਈਓਵਰ ਬਣਾਏ ਗਏ ਹਨ। ਇਨ੍ਹਾਂ ਦੋ ਨਵੇਂ ਫਲਾਈਓਵਰਾਂ ਦੇ ਬਣਨ ਨਾਲ ਯਾਤਰੀਆਂ ਨੂੰ ਹੁਣ ਦੋ ਲਾਲ ਬੱਤੀਆਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਦਿੱਲੀ ਹਵਾਈ ਅੱਡੇ ਦੇ ਸੰਚਾਲਨ ਨੂੰ ਸੰਭਾਲਣ ਵਾਲੀ ਕੰਪਨੀ ਦਿੱਲੀ ਇੰਟਰਨੈਸ਼ਨਲ ਏਅਰਪੋਰਟ ਲਿਮਟਿਡ (ਡੀ.ਆਈ.ਏ.ਐੱਲ.) ਨੇ ਬੁੱਧਵਾਰ ਨੂੰ ਇਨ੍ਹਾਂ ਦੋਵਾਂ ਫਲਾਈਓਵਰਾਂ ਨੂੰ ਖੋਲ੍ਹਣ ਦਾ ਐਲਾਨ ਕੀਤਾ। ਕੰਪਨੀ ਨੇ ਕਿਹਾ ਕਿ ਇਨ੍ਹਾਂ ਫਲਾਈਓਵਰਾਂ ਦੇ ਸ਼ੁਰੂ ਹੋਣ ਨਾਲ ਹਵਾਈ ਅੱਡੇ ਦੇ ਟੀ-1 ਅਤੇ ਟੀ-3 ਵਿਚਕਾਰ ਆਵਾਜਾਈ ਬਿਨ੍ਹਾਂ ਕਿਸੇ ਸਮੱਸਿਆ ਦੇ ਚੱਲੇਗੀ। ਇਸ ਨਾਲ ਸਮੇਂ ਦੀ ਵੀ ਬੱਚਤ ਹੋਵੇਗੀ।

ਜਾਣਕਾਰੀ ਅਨੁਸਾਰ ਪਹਿਲਾ ਫਲਾਈਓਵਰ ਐਰੋਸਿਟੀ ਦੇ ਅੰਦਾਜ਼ਾ ਹੋਟਲ ਨੇੜੇ ਤੋਂ ਸ਼ੁਰੂ ਹੋ ਕੇ ਸਪਾਈਨਲ ਰੋਡ 'ਤੇ ਪਹੁੰਚਦਾ ਹੈ। ਇਹ ਲਗਭਗ 800 ਮੀਟਰ ਲੰਬਾ ਹੈ। ਇਸ ਫਲਾਈਓਵਰ ਨੂੰ ਐਰੋਸਿਟੀ ਫਲਾਈਓਵਰ ਦਾ ਨਾਂ ਦਿੱਤਾ ਗਿਆ ਹੈ। ਦੂਜਾ ਫਲਾਈਓਵਰ ਇੱਕ ਪੈਰੇਲਲ ਐਕਸੇਸਚ ਸੜਕ ਹੈ, ਜੋ ਲਗਭਗ 600 ਮੀਟਰ ਲੰਬਾ ਹੈ। ਇਹ ਹਵਾਈ ਅੱਡੇ ਦੇ ਕਾਰਗੋ ਕੇਂਦਰ ਨੂੰ ਐੱਨ.ਐੱਚ.8 ਨਾਲ ਜੋੜੇਗਾ। ਇਸ ਫਲਾਈਓਵਰ ਰਾਹੀਂ ਕਾਰਗੋ ਸੈਂਟਰ ਨੂੰ ਜਾਣ ਵਾਲੇ ਭਾਰੀ ਵਾਹਨ ਆਸਾਨੀ ਨਾਲ ਲੰਘ ਸਕਣਗੇ।

# ਇਕ ਨਵੰਬਰ ਨੂੰ 'ਮੈਂ ਪੰਜਾਬ ਬੋਲਦਾ ਹਾਂ' ਬਹਿਸ ਰਵਾਇਤੀ ਪਾਰਟੀਆਂ ਪਾਸੋਂ ਸੂਬੇ ਨਾਲ ਕਮਾਏ ਧ੍ਰੋਹ ਦਾ ਜਵਾਬ ਮੰਗੇਗੀ : ਮੁੱਖ ਮੰਤਰੀ

ਚੰਡੀਗੜ੍ਹ, 26 ਅਕਤੂਬਰ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਇਕ ਨਵੰਬਰ ਨੂੰ ਲੁਧਿਆਣਾ ਵਿਖੇ ਹੋ ਰਹੀ ਬਹਿਸ 'ਮੈਂ ਪੰਜਾਬ ਬੋਲਦਾ ਹਾਂ' ਦੌਰਾਨ ਲੋਕ ਰਵਾਇਤੀ ਪਾਰਟੀਆਂ ਪਾਸੋਂ ਸੂਬੇ ਨਾਲ ਕੀਤੇ ਗੁਨਾਹਾਂ ਦਾ ਜਵਾਬ ਮੰਗਣਗੇ।

ਇਸ ਯਾਦਗਾਰੀ ਮੌਕੇ ਸ਼ਿਰਕਤ ਕਰਨ ਲਈ ਸੂਬੇ ਦੇ ਲੋਕਾਂ ਨੂੰ ਖੁੱਲ੍ਹਾ ਸੱਦਾ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਹੁਣ ਤੱਕ ਸੱਤਾ ਵਿੱਚ ਰਹਿ ਰਹੀਆਂ ਸਾਰੀਆਂ ਸਿਆਸੀ ਧਿਰਾਂ ਬਹਿਸ ਦੌਰਾਨ ਆਪਣਾ ਪੱਖ ਰੱਖਣਗੀਆਂ। ਉਨ੍ਹਾਂ ਕਿਹਾ ਕਿ ਹਰੇਕ ਪਾਰਟੀ ਨੂੰ ਆਪਣਾ ਪੱਖ ਪੇਸ਼ ਕਰਨ ਲਈ 30 ਮਿੰਟ ਦਾ ਸਮਾਂ ਮਿਲੇਗਾ ਜਿਸ ਵਿੱਚ ਸੂਬੇ ਨਾਲ ਜੁੜੇ ਮਸਲੇ ਉਠਾਏ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਮੈਂ ਪੰਜਾਬ ਬੋਲਦਾ ਹਾਂ' ਬਹਿਸ ਦੌਰਾਨ ਪ੍ਰੋਫੈਸਰ ਨਿਰਮਲ ਜੌੜਾ ਮੰਚ ਸੰਚਾਲਨ ਕਰਨਗੇ।

ਮੁੱਖ ਮੰਤਰੀ ਨੇ ਕਿਹਾ, "ਖੁੱਲ੍ਹੀ ਬਹਿਸ ਪੰਜਾਬ ਨੂੰ ਹੁਣ ਤੱਕ ਕੀਹਨੇ ਤੇ ਕਿਵੇਂ ਲੁੱਟਿਆ ਦੇ ਆਲੇ-ਦੁਆਲੇ ਕੇਂਦਰਿਤ ਹੋਵੇਗੀ। ਇਸ ਬਹਿਸ ਵਿੱਚ ਭਾਈ-ਭਤੀਜੇ, ਸਾਲੇ-ਜੀਜੇ, ਮਿੱਤਰ-ਮੁਲਾਹਜ਼ੇ, ਟੋਲ ਪਲਾਜ਼ੇ, ਜਵਾਨੀ-ਕਿਸਾਨੀ, ਵਪਾਰ-ਦੁਕਾਨਦਾਰ, ਗੁਰੂਆਂ ਦੀ ਬਾਣੀ, ਨਹਿਰਾਂ ਦਾ ਪਾਣੀ ਦੀ ਗੱਲ ਹੋਵੇਗੀ।" ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਦੇ ਲੀਡਰਾਂ ਨੇ ਇਨ੍ਹਾਂ ਸਾਰੇ ਮਸਲਿਆਂ ਉਤੇ ਪੰਜਾਬ ਨਾਲ ਗੱਦਾਰੀ ਕੀਤੀ ਹੈ ਜਿਸ ਲਈ ਇਨ੍ਹਾਂ ਨੂੰ ਸੂਬੇ ਦੇ ਲੋਕਾਂ ਅੱਗੇ ਜੁਆਬਦੇਹ ਬਣਾਇਆ ਜਾਵੇਗਾ। ਭਗਵੰਤ ਸਿੰਘ ਮਾਨ ਨੇ ਇਨ੍ਹਾਂ ਨੇਤਾਵਾਂ ਨੂੰ ਪੰਜਾਬ ਵਾਸੀਆਂ ਅਤੇ ਮੀਡੀਆ ਸਾਹਮਣੇ ਖੁੱਲ੍ਹੀ ਬਹਿਸ ਲਈ ਵੰਗਾਰਿਆ ਸੀ।

ਮੁੱਖ ਮੰਤਰੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਇਹ ਨੇਤਾ ਪੰਜਾਬ ਨਾਲ ਕੀਤੀ ਗੱਦਾਰੀ ਲਈ ਜ਼ਿੰਮੇਵਾਰ ਹਨ ਅਤੇ ਪੰਜਾਬ ਦੀ ਪਿੱਠ ਵਿੱਚ ਛੁਰਾ ਮਾਰਨ ਵਾਲਿਆਂ ਨੂੰ ਇਤਿਹਾਸ ਕਦੇ ਵੀ ਮੁਆਫ਼ ਨਹੀਂ ਕਰੇਗਾ।


ਪੰਜਾਬੀ ਬੋਲੀ ਦਾ ਜ਼ਸ਼ਨ

ਪੰਜਾਬੀ ਲੈਂਗੂਏਜ ਐਜੂਕੇਸ਼ਨ ਐਸੋਸੀਏਸ਼ਨ (ਪਲੀ) ਵਲੋਂ
ਕਵਾਂਟਲਿਨ ਪੌਲੇਟਿਕਨਿਕ ਯੂਨੀਵਰਸਿਟੀ (ਕੇ ਪੀ ਯੂ) ਅਤੇ ਦੀਪਕ ਬਿਨਿੰਗ ਫਾਊਂਡੇਸ਼ਨ
ਦੇ ਸਹਿਯੋਗ ਨਾਲ

ਸ਼ਨਿਚਰਵਾਰ 28 ਅਕਤੂਬਰ, 2023; ਬਾਅਦ ਦੁਪਹਿਰ 1 ਵਜੇ ਤੋਂ 4:30 ਵਜੇ ਤੱਕ

ਕਵਾਂਟਲਿਨ ਪੌਲੇਟਿਕਨਿਕ ਯੂਨੀਵਰਸਿਟੀ ਦੀ ਸਪਰੂਸ ਬਿਲਡਿੰਗ ਏਟਰੀਅਮ ਵਿੱਚ
12666 - 72 ਐਵਨਿਊ, ਸਰੀ ਬੀ ਸੀ (72 ਐਵਨਿਊ ਅਤੇ 128 ਸਟਰੀਟ)

ਪਲੀ, ਕੇ ਪੀ ਯੂ ਅਤੇ ਦੀਪਕ ਬਿਨਿੰਗ ਫਾਊਂਡੇਸ਼ਨ ਵਲੋਂ ਸੰਖੇਪ ਸ਼ਬਦ

ਸਥਾਨਕ ਐਲੇਮੈਂਟਰੀ ਸਕੂਲਾਂ ਵਿੱਚ ਪੰਜਾਬੀ
ਪੜ੍ਹਨ ਵਾਲੇ ਵਿਦਿਆਰਥੀਆਂ ਦੀ
ਗਿਣਤੀ ਵਧਾਉਣ ਬਾਰੇ ਵਿਚਾਰ ਵਟਾਂਦਰਾ

ਪੈਨਲ ਵਿੱਚ ਹਿੱਸਾ ਲੈਣ ਵਾਲੇ:
ਗੈਰੀ ਥਿੰਦ, ਸਰੀ ਸਕੂਲ ਬੋਰਡ ਟਰੱਸਟੀ
ਨਿੰਮੀ ਦੌਲਾ, ਡੈਲਟਾ ਸਕੂਲ ਬੋਰਡ ਟਰੱਸਟੀ
ਰਾਜ ਪੁਰੀ, ਡਿਸਟਰਿਕਟ ਪ੍ਰਿੰਸੀਪਲ ਸੈਟਲਮੈਂਟ ਸਰਵਿਸਜ਼ ਸਰੀ ਸਕੂਲ
ਕਿਰਨ ਤੂਰ, ਕਿਡਜ਼ ਪਲੇਅ ਫਾਊਂਡੇਸ਼ਨ
ਅਮਨਦੀਪ ਛੀਨਾ, ਸਰੀ ਸਕੂਲ ਮੁਖੀ ਭਾਸ਼ਾ ਵਿਭਾਗ
ਕੋਮਲਪ੍ਰੀਤ ਕੌਰ ਕੂਨਰ, ਸਰੀ ਸਕੂਲ ਵਿਦਿਆਰਥਣ
ਪ੍ਰਭਸੀਰਤ ਔਲਖ, ਯੂਨੀਵਰਸਿਟੀ ਵਿਦਿਆਰਥਣ
ਪੈਨਲ ਸੰਚਾਲਕ: ਗੁਰਪ੍ਰੀਤ ਕੌਰ ਬੈਂਸ, ਐਲ ਏ ਮੈਥੇਸਿਨ ਸਕੂਲ, ਮੁਖੀ ਭਾਸ਼ਾ ਵਿਭਾਗ

ਪੰਜਾਬੀ ਵਿਦਿਆਰਥੀਆਂ ਵਲੋਂ ਕਵਿਤਾਵਾਂ, ਗੀਤ ਅਤੇ ਕਹਾਣੀਆਂ ਦੀਆਂ ਪੇਸ਼ਕਾਰੀਆਂ

ਪ੍ਰੋਗਰਾਮ ਸੰਚਾਲਕ - ਗੁਰਿੰਦਰ ਮਾਨ ਅਤੇ ਹਰਮੋਹਨਜੀਤ ਪੰਧੇਰ

ਪਲੀ ਵਲੋਂ ਸੱਭ ਨੂੰ ਖੁੱਲ੍ਹਾ ਸੱਦਾ: ਆਓ ਮਿਲ਼ ਕੇ ਆਪਣੀ ਮਾਂ-ਬੋਲੀ ਦੇ ਵਿਕਾਸ ਵਿੱਚ ਹਿੱਸਾ ਪਾਈਏ।
ਪ੍ਰੋਗਰਾਮ ਦਾ ਕੋਈ ਟਿਕਟ ਨਹੀਂ, ਫ੍ਰੀ ਪਾਰਕਿੰਗ ਅਤੇ ਚਾਹ ਪਾਣੀ ਦਾ ਪ੍ਰਬੰਧ ਹੋਵੇਗਾ

ਪ੍ਰੋਗਰਾਮ ਬਾਰੇ ਹੋਰ ਜਾਣਕਾਰੀ ਲੈਣ ਲਈ ਸੰਪਰਕ:
ਬਲਵੰਤ ਸੰਘੇੜਾ - 604 - 836 - 8976
ਗੁਰਿੰਦਰ ਮਾਨ - 604 - 710 - 9106
ਸਾਧੂ ਬਿਨਿੰਗ - 778 - 773 - 1886
ਪਾਲ ਬਿਨਿੰਗ - 778 - 889 - 8255
Punjabi Language Education Association (PLEA)



REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 / 416.951.6431
Towing Service Car Paint Starts $799* upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



Office: 416-654-1010
Sutton
Sutton Group Security Real Estate Brokerage
2700 Dufferin St #47, Toronto ON M6B4J3
"For all your real estate needs"
Anabela Serra
Sales Representative
416-400-5825
anabelserra75@gmail.com

98 JOHN ST E
Bradford West Gwillimbury, Ontario L3Z1G4
$1,149,000
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5
$1,089,000
A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8
$799,000
**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0
$799,000
Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8
$499,000
Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.



CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL
ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.
Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779
Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094
Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਉੱਘੇ ਪੰਜਾਬੀ ਕਵੀ ਅਨੂਪ ਵਿਰਕ ਪੰਜਾਬ ਦੀ ਸਰਬ ਸਾਂਝੀ ਵਿਰਾਸਤ ਦਾ ਸੁਰੀਲਾ ਪੇਸ਼ਕਾਰ ਸੀ : ਪ੍ਰੋ. ਗੁਰਭਜਨ ਗਿੱਲ

ਲੁਧਿਆਣਾ, 26 ਅਕਤੂਬਰ (ਗਿਆਨ ਸਿੰਘ):ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਵੱਲੋਂ ਵਿਸ਼ਵ ਪੰਜਾਬੀ ਸਭਾ ਟੋਰੰਟੋ (ਕੈਨੇਡਾ) ਦੇ ਸਹਿਯੋਗ ਨਾਲ ਸਿਰਕੱਢ ਪੰਜਾਬੀ ਕਵੀ ਪ੍ਰੋ. ਅਨੂਪ ਵਿਰਕ ਨੂੰ ਔਨਲਾਈਨ ਸ਼ਰਧਾਂਜਲੀ ਸਮਾਗਮ ਵਿੱਚ ਬੋਲਦਿਆਂ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਹੈ ਕਿ ਵੱਡਾ ਵੀਰ ਅਨੂਪ ਪੰਜਾਬ ਦੀ ਸਰਬ ਸਾਂਝੀ ਵਿਰਾਸਤ ਦਾ ਸੁਰੀਲਾ ਪੇਸ਼ਕਾਰ ਸੀ। ਉਸ ਨੇ ਆਪਣੀ ਕਾਵਿ ਯਾਤਰਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਚ ਪੜ੍ਹਦਿਆਂ ਸ਼ੁਰੂ ਕੀਤੀ ਜਿੱਥੇ ਉਸ ਨੂੰ ਕੁਲਵੰਤ ਗਰੇਵਾਲ, ਸੁਤਿੰਦਰ ਸਿੰਘ ਨੂਰ, ਰਵਿੰਦਰ ਭੱਠਲ ਤੇ ਸੁਰਜੀਤ ਪਾਤਰ ਦੀ ਸੰਗਤ ਮਿਲੀ।

ਅਨੂਪ ਵਿਰਕ ਦਾ ਜਨਮ 21 ਮਾਰਚ 1946 ਨੂੰ ਪਿੰਡ ਨੱਡਾ(ਜ਼ਿਲ੍ਹਾ ਗੁਜਰਾਂਵਾਲਾ ) ਵਿੱਚ ਹੋਇਆ ਜੋ ਦੋਧੇ ਦੰਦਾਂ ਦੀ ਉਮਰੇ ਪਾਕਿਸਤਾਨ ਵਿੱਚ ਰਹਿ ਗਿਆ। 15 ਅਕਤੂਬਰ 2023 ਨੂੰ ਵਿਛੋੜਾ ਦੇਣ ਵਾਲੇ ਵਿਰਕ ਨੇ ਸਰਕਾਰੀ



ਰਣਵੀਰ ਕਾਲਜ,ਸੰਗਰੂਰ, ਰਿਪੁਦਮਨ ਕਾਲਜ,ਨਾਭਾ ਅਤੇ ਮਹਿੰਦਰਾ ਕਾਲਜ ਪਟਿਆਲਾ ਵਿੱਚ ਪੜ੍ਹਾਇਆ।

ਪਹਿਲੀ ਕਾਵਿ ਪੁਸਤਕ ਅਨੁਭਵ ਦੇ ਅੱਥਰੂ 1971 ਵਿੱਚ,ਪੌਣਾਂ ਦਾ ਸਿਰਨਾਵਾਂ 1981 ਵਿੱਚ,ਪਿੱਪਲ ਦਿਆ ਪੱਤਿਆ ਵੇ 1991, ਦਿਲ ਅੰਦਰ ਦਰਿਆਓ 1993 ਮਾਟੀ ਰੁਦਨ ਕਰੇਂਦੀ ਯਾਰ 1993 ਦੁੱਖ ਦੱਸਣ ਦਰਿਆ 1998 ਤੇ ਜੂਨ 2014 ਵਿੱਚ ਚੋਣਵੀਂ ਕਾਵਿ ਪੁਸਤਕ ਹਾਜ਼ਰ ਹਰਫ਼ ਹਮੇਸ਼ ਛਪੀ।

ਅਨੂਪ ਵਿਰਕ ਦੀ ਵਾਰਤਕ ਪੁਸਤਕ ਰੂਹਾਂ ਦੇ ਰੂਬਰੂ ਕਮਾਲ ਦੀ ਰਚਨਾ ਹੈ। ਭਾਸ਼ਾ ਵਿਭਾਗ ਪੰਜਾਬ,ਪਟਿਆਲਾ ਵੱਲੋਂ 'ਸ਼੍ਰੋਮਣੀ ਪੰਜਾਬੀ ਕਵੀ ਪੁਰਸਕਾਰ ਉਸਨੂੰ 2001 ਵਿੱਚ ਮਿਲਿਆ ਸੀ। ਮੈਨੂੰ ਮਾਣ ਹੈ ਕਿ ਉਸ ਦਾ ਨਾਮ ਇਸ ਪੁਰਸਕਾਰ ਲਈ ਕੁਲਵੰਤ ਗਰੇਵਾਲ ਜੀ ਨਾਲ ਮਸ਼ਵਰਾ ਕਰਕੇ ਮੈ ਤਜ਼ਵੀਜ਼ ਕੀਤਾ ਸੀ ਜਦ ਕਿ ਉਸਨੂੰ ਅਜਿਹਾ ਵਿਸ਼ਵਾਸ ਨਹੀਂ ਸੀ।

ਵਿਸ਼ਵ ਪੰਜਾਬੀ ਸਭਾ ਦੇ ਚੇਅਰਮੈਨ ਸਰਦਾਰ ਦਲਬੀਰ ਸਿੰਘ ਕਥੂਰੀਆ ਨੇ ਸ਼ਰਧਾਂਜਲੀ ਸਮਾਗਮ ਦੀ ਪ੍ਰੇਰਨਾ ਲਈ ਵਿਸ਼ਵ ਪੰਜਾਬੀ ਸਭਾ ਦੇ ਸਰਪ੍ਰਸਤ ਪ੍ਰੋ. ਗੁਰਭਜਨ ਸਿੰਘ ਗਿੱਲ ਦਾ ਧੰਨਵਾਦ ਕੀਤਾ।

ਵਿਸ਼ਵ ਪੰਜਾਬੀ ਸਭਾ ਦੀ ਭਾਰਤੀ ਇਕਾਈ ਦੀ ਪ੍ਰਧਾਨ ਬਲਬੀਰ ਕੌਰ ਰਾਏਕੋਟੀ ਨੇ ਗੀਤਾਂ ਦੇ ਵਣਜਾਰੇ ਆਪਣੇ ਅਧਿਆਪਕ ਪ੍ਰੋ ਅਨੂਪ ਵਿਰਕ ਸਮਰਪਿਤ ਸ਼ਰਧਾਂਜਲੀ ਸਮਾਗਮ ਦਾ ਸੰਚਾਲਨ ਕਰਦਿਆਂ ਸ਼ਰਧਾ ਦੇ ਫੁੱਲ ਵੀ ਭੇਟ ਕੀਤੇ।

ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਮੀਤ ਪ੍ਰਧਾਨ ਤ੍ਰੈਲੋਚਨ ਲੋਚੀ, ਹਰਵਿੰਦਰ ਚੰਡੀਗੜ੍ਹ, ਪ੍ਰੋ. ਜਾਗੀਰ ਸਿੰਘ ਕਾਹਲੋਂ (ਟੋਰੰਟੋ)ਕੁਲਵੰਤ ਕੌਰ ਚੰਨ (ਫਰਾਂਸ), ਬਲਵਿੰਦਰ ਸੰਧੂ, ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਵੱਲੋਂ ਅਨੂਪ ਵਿਰਕ ਦੇ ਅਮਰੀਕਾ ਵਿੱਚ ਹੋਏ ਅੰਤਿਮ ਸੰਸਕਾਰ ਵਿੱਚ ਸ਼ਾਮਿਲ ਹੋਏ ਸਕੱਤਰ ਬਲਦੇਵ ਸਿੰਘ ਝੱਜ(ਅਮਰੀਕਾ) ਅਸ਼ਵਨੀ ਬਾਗੜੀਆਂ, ਹਰਜੀਤ ਕੌਰ ਸੱਧਰ, ਸੋਹਣ ਸਿੰਘ ਗੈਦੂ, ਸਾਹਿਬਾ ਜੀਟਨ ਕੌਰ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ। ਵਿਸ਼ਵ ਪੰਜਾਬੀ ਸਭਾ ਵੱਲੋਂ ਪ੍ਰੋ. ਅਨੂਪ ਵਿਰਕ ਦੀ ਚੋਣਵੀਂ ਕਵਿਤਾ ਦਾ ਸੰਗ੍ਰਹਿ ਪ੍ਰਕਾਸ਼ਤਿ ਕਰਨ ਦੇ ਪ੍ਰੋ; ਗੁਰਭਜਨ ਸਿੰਘ ਗਿੱਲ ਵੱਲੋਂ ਦਿੱਤੇ ਸੁਝਾਅ ਨੂੰ ਚੇਅਰਮੈਨ ਸ੍ਰ ਦਲਬੀਰ ਸਿੰਘ ਕਥੂਰੀਆ ਨੇ ਪ੍ਰਵਾਨ ਕੀਤਾ ਤੇ ਇਹ ਜ਼ੁੰਮੇਵਾਰੀ ਪ੍ਰੋ. ਗੁਰਭਜਨ ਗਿੱਲ ਨੂੰ ਸੌਂਪੀ। ਉਨ੍ਹਾਂ ਸ਼ਰਧਾਂਜਲੀ ਸਮਾਗਮ ਵਿੱਚ ਸ਼ਾਮਿਲ ਸਾਰੇ ਕਲਮਕਾਰਾਂ ਦਾ ਧੰਨਵਾਦ ਕੀਤਾ।

# ਮਹਾਰਾਸ਼ਟਰ ਵਿਚ 6 ਘੰਟਿਆਂ ਵਿਚ ਹੋਏ ਦੋ ਹਾਦਸੇ, 10 ਲੋਕਾਂ ਦੀ ਮੌਤ

ਬੀੜ, 26 ਅਕਤੂਬਰ (ਪੋਸਟ ਬਿਊਰੋ): ਮਹਾਰਾਸ਼ਟਰ ਦੇ ਬੀੜ ਜ਼ਿਲ੍ਹੇ ਵਿਚ ਬੀਤੀ ਰਾਤ ਇੱਥੇ ਆਸ਼ਟੀ ਤਾਲੁਕੇ ਵਿਚ ਦੁਪਹਿਰ 12 ਵਜੇ ਤੋਂ ਸਵੇਰੇ 6 ਵਜੇ ਦਰਮਿਆਨ ਦੋ ਭਿਆਨਕ ਸੜਕ ਹਾਦਸੇ ਵਾਪਰੇ। ਇਨ੍ਹਾਂ ਦੋਨਾਂ ਹਾਦਸਿਆਂ ਵਿੱਚ 10 ਲੋਕਾਂ ਦੀ ਮੌਤ ਹੋ ਗਈ। ਮੁੰਬਈ ਤੋਂ ਬੀੜ ਵੱਲ ਆ ਰਹੀ ਸਾਗਰ ਟਰੈਵਲਜ਼ ਨਾਂ ਦੀ ਨਿੱਜੀ ਬੱਸ ਹਾਦਸੇ ਦਾ ਸ਼ਿਕਾਰ ਹੋ ਗਈ। ਇਸ ਭਿਆਨਕ ਹਾਦਸੇ ਵਿਚ 6 ਯਾਤਰੀਆਂ ਦੀ ਮੌਤ ਹੋ ਗਈ। ਦੌਲਵੜਗਾਓਂ ਵਿਚ ਐਂਬੂਲੈਂਸ ਅਤੇ ਮਾਲ ਟਰੱਕ ਵਿਚਾਲੇ ਟੱਕਰ ਹੋ ਗਈ। ਇਸ ਹਾਦਸੇ ਵਿਚ 4 ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪਹਿਲਾ ਹਾਦਸਾ ਸਾਗਰ ਟਰੈਵਲਜ਼ ਨਾਮ ਦੀ ਇੱਕ ਨਿੱਜੀ ਬੱਸ ਵਿੱਚ ਵਾਪਰਿਆ ਜੋ ਮੁੰਬਈ ਤੋਂ ਬੀੜ ਆ ਰਹੀ ਸੀ। ਸਵਾਰੀਆਂ ਨਾਲ ਭਰੀ ਇਹ ਬੱਸ ਭਿਆਨਕ ਹਾਦਸੇ ਦਾ ਸ਼ਿਕਾਰ ਹੋ ਗਈ। ਇਹ ਬੱਸ ਹਾਦਸਾ ਬੀੜ ਜ਼ਿਲ੍ਹੇ ਦੇ ਆਸਟਾ ਫਾਟਾ ਵਿਚ ਵਾਪਰਿਆ। ਜਾਣਕਾਰੀ ਅਨੁਸਾਰ 6 ਲੋਕਾਂ ਦੀ ਮੌਤ ਹੋਣ ਦਾ ਖੁਲਾਸਾ ਹੋਇਆ ਹੈ। ਸਾਗਰ ਟਰੈਵਲਜ਼ ਨਾਂ ਦੀ ਨਿੱਜੀ ਬੱਸ ਵਿੱਚ ਕਰੀਬ 45 ਤੋਂ 50 ਸਵਾਰੀਆਂ ਸਵਾਰ ਸਨ। ਰਾਤ ਦੇ ਹਨੇਰੇ ਵਿਚ ਡਰਾਈਵਰ ਕੰਟਰੋਲ ਗੁਆ ਬੈਠਾ ਅਤੇ ਬੱਸ ਪਲਟ ਗਈ।





6 ਘੰਟਿਆਂ ਦੇ ਅੰਦਰ ਹੀ ਇੱਕ ਹੋਰ ਹਾਦਸੇ ਦੀ ਖਬਰ ਵੀ ਆਈ। ਜਾਣਕਾਰੀ ਮਿਲੀ ਹੈ ਕਿ ਬੀੜ ਦਿੱਲੀ ਦੇ ਅਸ਼ਟੀ ਤਾਲੁਕਾ ਦੇ ਧਾਮਨਗਾਓਂ ਤੋਂ ਇੱਕ ਮਰੀਜ਼ ਨੂੰ ਅਹਿਮਦਨਗਰ ਲਿਜਾਂਦੇ ਸਮੇਂ ਰਾਤ ਨੂੰ ਧੌਲਾਵੜਗਾਓਂ ਵਿੱਚ ਐਂਬੂਲੈਂਸ ਅਤੇ ਟਰੱਕ ਵਿਚਕਾਰ ਭਿਆਨਕ ਟੱਕਰ ਹੋ ਗਈ। ਇਸ ਹਾਦਸੇ ਵਿੱਚ ਸਾਂਗਵੀ ਪੱਤਣ ਦੇ ਡਾਕਟਰ ਰਾਜੇਸ਼ ਝਿੰਜੁਰਕੇ (ਉਮਰ 38) ਅਤੇ ਐਂਬੂਲੈਂਸ ਚਾਲਕ ਧਾਮਨਗਾਂਓਂ ਦੇ ਭਰਤ ਲੋਖੰਡੇ ਅਤੇ 2 ਹੋਰਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜਦਕਿ ਇੱਕ ਜ਼ਖਮੀ ਵਿਅਕਤੀ ਜ਼ੇਰੇ ਇਲਾਜ ਹੈ। ਹਾਦਸੇ ਵਾਲੀ ਐਂਬੂਲੈਂਸ ਵਿੱਚ ਕੁੱਲ ਪੰਜ ਲੋਕ ਸਵਾਰ ਸਨ।






ਕੈਨੇਡੀਅਨ ਪੰਜਾਬੀ ਪੋਸਟ — Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 33-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Well settled family living in canada from 16 years.
Call: 204-510-7658 or 519-917-5055

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com













# ਦੀਵਾਲੀ 'ਤੇ ਸਿਹਤ ਅਤੇ ਬਜਟ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ

-ਵਿਜੇ ਗਰਗ-

ਦੀਵਾਲੀ, ਰੋਸ਼ਨੀ ਦਾ ਤਿਉਹਾਰ, ਖੁਸ਼ੀ ਅਤੇ ਜਸ਼ਨ ਦਾ ਸਮਾਂ ਹੈ। ਹਾਲਾਂਕਿ ਇਸ ਤਿਉਹਾਰੀ ਸੀਜ਼ਨ 'ਚ ਆਪਣੀ ਸਿਹਤ ਅਤੇ ਬਜਟ ਦਾ ਧਿਆਨ ਰੱਖਣਾ ਵੀ ਜ਼ਰੂਰੀ ਹੈ। ਅਜਿਹਾ ਕਰਨ ਵਿੱਚ ਤੁਹਾਡੀ ਮਦਦ ਕਰਨ ਲਈ ਇੱਥੇ ਕੁਝ ਸੁਝਾਅ ਹਨ:

1. ਸਿਹਤਮੰਦ ਖਾਓ: ਦੀਵਾਲੀ ਅਕਸਰ ਮਠਿਆਈਆਂ ਅਤੇ ਸਨੈਕਸ ਨਾਲ ਜੁੜੀ ਹੁੰਦੀ ਹੈ। ਹਾਲਾਂਕਿ ਇਹਨਾਂ ਦਾ ਆਨੰਦ ਲੈਣਾ ਠੀਕ ਹੈ, ਪਰ ਸਿਹਤਮੰਦ ਵਿਕਲਪਾਂ ਨੂੰ ਵੀ ਸ਼ਾਮਲ ਕਰਕੇ ਆਪਣੀ ਖੁਰਾਕ ਨੂੰ ਸੰਤੁਲਿਤ ਕਰਨ ਦੀ ਕੋਸ਼ਿਸ਼ ਕਰੋ। ਤਾਜ਼ੇ ਫਲ, ਸਬਜ਼ੀਆਂ, ਗਿਰੀਦਾਰ ਅਤੇ ਘਰੇਲੂ ਸਨੈਕਸ ਚੁਣੋ ਜਿਨ੍ਹਾਂ ਵਿੱਚ ਖੰਡ ਅਤੇ ਚਰਬੀ ਘੱਟ ਹੋਵੇ।

2. ਭਾਗ ਨਿਯੰਤਰਣ ਦਾ ਅਭਿਆਸ ਕਰੋ: ਦੀਵਾਲੀ ਦਾ ਤਿਉਹਾਰ ਲੁਭਾਉਣ ਵਾਲਾ ਹੋ ਸਕਦਾ ਹੈ, ਪਰ ਜ਼ਿਆਦਾ ਖਾਣ ਨਾਲ ਬੇਅਰਾਮੀ ਅਤੇ ਸਿਹਤ ਸਮੱਸਿਆਵਾਂ ਹੋ ਸਕਦੀਆਂ ਹਨ। ਆਪਣੇ ਹਿੱਸੇ ਦੇ ਆਕਾਰ ਦਾ ਧਿਆਨ ਰੱਖੋ, ਅਤੇ ਆਪਣੇ ਸਰੀਰ ਦੀ ਭੁੱਖ ਦੇ ਸੰਕੇਤਾਂ ਨੂੰ ਸੁਣੋ। ਸੰਤੁਲਿਤ ਖੁਰਾਕ ਬਣਾਈ ਰੱਖਣ ਲਈ ਸੰਜਮ ਵਿੱਚ ਪਕਵਾਨਾਂ ਦਾ ਅਨੰਦ ਲਓ।

3. ਸਰੀਰਕ ਤੌਰ 'ਤੇ ਸਰਗਰਮ ਰਹੋ: ਸਰੀਰਕ ਗਤੀਵਿਧੀਆਂ ਜਿਵੇਂ ਕਿ ਸੈਰ, ਜੌਗਿੰਗ, ਜਾਂ ਦੋਸਤਾਂ ਅਤੇ ਪਰਿਵਾਰ ਨਾਲ ਬਾਹਰੀ ਖੇਡਾਂ ਖੇਡਣ ਵਿੱਚ ਸ਼ਾਮਲ ਹੋਵੋ। ਇਹ ਵਾਧੂ ਕੈਲੋਰੀਆਂ ਨੂੰ ਬਰਨ ਕਰਨ ਅਤੇ ਤੁਹਾਡੇ ਤੰਦਰੁਸਤੀ ਦੇ ਪੱਧਰਾਂ ਨੂੰ ਬਣਾਈ ਰੱਖਣ ਵਿੱਚ ਮਦਦ ਕਰਦਾ ਹੈ।

4. ਨੀਂਦ ਨੂੰ ਤਰਜੀਹ ਦਿਓ: ਦੀਵਾਲੀ ਦੇ ਤਿਉਹਾਰਾਂ ਦੇ ਉਤਸ਼ਾਹ ਨਾਲ, ਨੀਂਦ ਨੂੰ ਨਜ਼ਰਅੰਦਾਜ਼ ਕਰਨਾ ਆਸਾਨ ਹੈ। ਹਾਲਾਂਕਿ, ਸਾਡੀ ਸਮੁੱਚੀ ਸਿਹਤ ਲਈ ਢੁਕਵਾਂ ਆਰਾਮ ਮਹੱਤਵਪੂਰਨ ਹੈ। ਹਰ ਰਾਤ 7-8 ਘੰਟੇ ਦੀ ਨਿਰਵਿਘਨ ਨੀਂਦ ਲਈ ਟੀਚਾ ਰੱਖੋ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਤੁਹਾਡਾ ਸਰੀਰ ਅਤੇ ਦਿਮਾਗ ਤਰੋਤਾਜ਼ਾ ਹੈ।



5. ਬਜਟ ਸੈੱਟ ਕਰੋ: ਦੀਵਾਲੀ ਖਰੀਦਦਾਰੀ ਅਤੇ ਤੋਹਫ਼ੇ ਦੇਣ ਦਾ ਸਮਾਨਾਰਥੀ ਹੈ। ਇੱਕ ਬਜਟ ਬਣਾਓ ਅਤੇ ਵਾਧੂ ਖਰਚ ਤੋਂ ਬਚਣ ਲਈ ਇਸ 'ਤੇ ਬਣੇ ਰਹੋ। ਆਪਣੀਆਂ ਖਰੀਦਾਂ ਨੂੰ ਤਰਜੀਹ ਦਿਓ ਅਤੇ ਸਿਰਫ਼ ਮਹਿੰਗੀਆਂ ਚੀਜ਼ਾਂ 'ਤੇ ਧਿਆਨ ਕੇਂਦਰਿਤ ਕਰਨ ਦੀ ਬਜਾਏ ਵਿਚਾਰਸ਼ੀਲ ਤੋਹਫ਼ਿਆਂ 'ਤੇ ਵਿਚਾਰ ਕਰੋ।

6. ਟਿਕਾਊ ਜਸ਼ਨਾਂ ਦੀ ਚੋਣ ਕਰੋ: ਦੀਵਾਲੀ ਵਿੱਚ ਅਕਸਰ ਪਟਾਕਿਆਂ ਦੀ ਵਰਤੋਂ ਅਤੇ ਬਹੁਤ ਜ਼ਿਆਦਾ ਰੋਸ਼ਨੀ ਸ਼ਾਮਲ ਹੁੰਦੀ ਹੈ। ਇਲੈਕਟ੍ਰਿਕ ਲਾਈਟਾਂ ਦੀ ਬਜਾਏ ਈਕੋ-ਫ੍ਰੈਂਡਲੀ ਦੀਵੇ (ਤੇਲ ਦੇ ਲੈਂਪ) ਦੀ ਵਰਤੋਂ ਕਰਕੇ ਅਤੇ ਹਵਾ ਅਤੇ ਸ਼ੋਰ ਪ੍ਰਦੂਸ਼ਣ ਨੂੰ ਘਟਾਉਣ ਲਈ ਪਟਾਕਿਆਂ ਦੀ ਵਰਤੋਂ ਨੂੰ ਘੱਟ ਤੋਂ ਘੱਟ ਕਰਕੇ ਵਾਤਾਵਰਣ ਅਨੁਕੂਲ ਤਰੀਕੇ ਨਾਲ ਮਨਾਉਣ ਬਾਰੇ ਵਿਚਾਰ ਕਰੋ।

7. ਤਿਉਹਾਰਾਂ ਤੋਂ ਬਰੇਕ ਲਓ: ਬਹੁਤ ਸਾਰੇ ਸਮਾਜਿਕ ਇਕੱਠਾਂ ਅਤੇ ਸਮਾਗਮਾਂ ਦੇ ਨਾਲ, ਬ੍ਰੇਕ ਲੈਣਾ ਅਤੇ ਆਰਾਮ ਲਈ ਸਮਾਂ ਕੱਢਣਾ ਜ਼ਰੂਰੀ ਹੈ। ਭਾਵੇਂ ਇਹ ਕੋਈ ਕਿਤਾਬ ਪੜ੍ਹ ਰਿਹਾ ਹੋਵੇ, ਧਿਆਨ ਦਾ ਅਭਿਆਸ ਕਰਨਾ ਹੋਵੇ, ਜਾਂ ਕਿਸੇ ਸ਼ੌਕ ਵਿੱਚ ਸ਼ਾਮਲ ਹੋ ਰਿਹਾ ਹੋਵੇ, ਆਪਣੇ ਆਪ ਨੂੰ ਤਣਾਅ ਤੋਂ ਛੁਟਕਾਰਾ ਪਾਉਣ ਅਤੇ ਮੁੜ ਸੁਰਜੀਤ ਕਰਨ ਲਈ ਕੁਝ ਸਮਾਂ ਦੇਣਾ ਯਕੀਨੀ ਬਣਾਓ।

ਦੀਵਾਲੀ ਦੇ ਦੌਰਾਨ ਆਪਣੀ ਸਿਹਤ ਅਤੇ ਬਜਟ ਦਾ ਧਿਆਨ ਰੱਖ ਕੇ, ਅਸੀਂ ਆਪਣੀ ਸਮੁੱਚੀ ਤੰਦਰੁਸਤੀ ਨੂੰ ਬਰਕਰਾਰ ਰੱਖਦੇ ਹੋਏ ਇੱਕ ਅਨੰਦਮਈ ਅਤੇ ਸਾਰਥਕ ਜਸ਼ਨ ਨੂੰ ਯਕੀਨੀ ਬਣਾ ਸਕਦੇ ਹਾਂ।

# ਪਾਕਿਸਤਾਨ ਦੇ ਮਰਹੂਮ ਜਨਰਲ ਆਸਿਫ ਨਵਾਜ਼ ਜੰਜੂਆ ਦੀ ਪੋਤੀ ਨੇ 18 ਮਹਿਲਾ ਕੈਦੀਆਂ ਦੀ ਦੁਰਦਸ਼ਾ ਨੂੰ ਕੀਤਾ ਉਜਾਗਰ



ਲਾਹੌਰ, 26 ਅਕਤੂਬਰ (ਪੋਸਟ ਬਿਊਰੋ): ਪਾਕਿਸਤਾਨ ਦੇ ਸਾਬਕਾ ਫੌਜ ਮੁਖੀ ਦੀ ਪੋਤੀ ਅਤੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀ. ਟੀ. ਆਈ.) ਪਾਰਟੀ ਦੀ ਨੇਤਾ ਖਦੀਜਾ ਸ਼ਾਹ ਨੇ ਜੇਲ੍ਹ ਤੋਂ ਇਕ ਖੁੱਲ੍ਹਾ ਪੱਤਰ ਲਿਖ ਕੇ 18 ਮਹਿਲਾ ਕੈਦੀਆਂ ਦੀ ਦੁਰਦਸ਼ਾ ਨੂੰ ਉਜਾਗਰ ਕੀਤਾ। 9 ਮਈ ਦੀ ਹਿੰਸਾ ਵਿਚ ਕਥਿਤ ਸ਼ਮੂਲੀਅਤ ਦੇ ਦੋਸ਼ ਵਿਚ ਗ੍ਰਿਫ਼ਤਾਰ ਕੀਤੀ ਗਈ ਖਾਦੀਜਾ ਸ਼ਾਹ ਨੇ ਇਕ ਪੱਤਰ ਰਾਹੀਂ ਆਪਣੇ ਸਮੇਤ ਪਾਰਟੀ ਦੀਆਂ 19 ਮਹਿਲਾ ਕੈਦੀਆਂ ਪ੍ਰਤੀ 'ਹਮਦਰਦੀ ਅਤੇ ਮਨੁੱਖਤਾ' ਦਿਖਾਉਣ ਦੀ ਮੰਗ ਕੀਤੀ ਹੈ।

ਮਰਹੂਮ ਜਨਰਲ ਆਸਿਫ ਨਵਾਜ਼ ਜੰਜੂਆ ਦੀ ਪੋਤੀ ਅਤੇ ਇੱਕ ਫੈਸ਼ਨ ਡਿਜ਼ਾਈਨਰ ਸ਼ਾਹ ਉਨ੍ਹਾਂ ਔਰਤਾਂ ਵਿਚ ਸ਼ਾਮਿਲ ਹੈ, ਜਿਨ੍ਹਾਂ ਨੂੰ 9 ਮਈ ਨੂੰ ਫੌਜੀ ਟਿਕਾਣਿਆਂ 'ਤੇ ਹੋਏ ਹਮਲੇ ਵਿੱਚ ਕਥਿਤ ਸ਼ਮੂਲੀਅਤ ਲਈ ਗ੍ਰਿਫ਼ਤਾਰ ਕੀਤਾ ਗਿਆ ਸੀ। ਭ੍ਰਿਸ਼ਟਾਚਾਰ ਦੇ ਇੱਕ ਮਾਮਲੇ ਵਿੱਚ ਪੀ.ਟੀ.ਆਈ. ਮੁਖੀ ਇਮਰਾਨ ਖ਼ਾਨ ਦੀ ਗ੍ਰਿਫ਼ਤਾਰੀ ਤੋਂ ਬਾਅਦ ਹਿੰਸਾ ਭੜਕ ਗਈ ਸੀ। ਖਾਨ ਨੂੰ ਬਾਅਦ ਵਿੱਚ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ ਸੀ, ਪਰ ਗੁਪਤ ਦਸਤਾਵੇਜ਼ ਲੀਕ ਕਰਨ ਦੇ ਮਾਮਲੇ ਵਿੱਚ ਉਹ ਜੇਲ੍ਹ ਵਿੱਚ ਹੀ ਹਨ। ਖਾਦੀਜਾ ਸ਼ਾਹ, ਜਿਸ ਨੂੰ ਪਿਛਲੇ ਹਫ਼ਤੇ ਜ਼ਮਾਨਤ ਮਿਲ ਗਈ ਸੀ ਨੂੰ ਦੁਬਾਰਾ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਹੁਣ ਉਸ ਨੇ ਪੰਜ ਪੰਨਿਆਂ ਦਾ ਇੱਕ ਹੱਥ ਲਿਖਤ ਪੱਤਰ ਜਾਰੀ ਕੀਤਾ ਹੈ ਜੋ ਉਸ ਦੇ ਪਤੀ ਨੇ ਬੁੱਧਵਾਰ ਨੂੰ ਪੀਟੀਆਈ ਦੇ ਅਧਿਕਾਰਤ ਅਕਾਊਂਟ 'ਐਕਸ' 'ਤੇ ਸਾਂਝਾ ਕੀਤਾ ਸੀ।

ਪੱਤਰ ਵਿਚ ਪਾਰਟੀ ਦੀਆਂ ਮਹਿਲਾ ਕੈਦੀਆਂ ਵਿਚ "ਇਕੱਲਤਾ, ਦਰਦ ਅਤੇ ਦੁੱਖ" ਦੀਆਂ ਦਿਲ ਦਹਿਲਾਉਣ ਵਾਲੀਆਂ ਕਹਾਣੀਆਂ ਦਾ ਵਰਣਨ ਕੀਤਾ ਗਿਆ ਹੈ। ਸ਼ਾਹ ਨੇ ਕਿਹਾ ਕਿ ਉਹ 9 ਮਈ ਦੇ ਵਿਰੋਧ ਪ੍ਰਦਰਸ਼ਨਾਂ ਵਿੱਚ 'ਸ਼ਾਂਤਮਈ ਢੰਗ ਨਾਲ ਹਿੱਸਾ ਲੈਣ' ਲਈ ਚਾਰ ਮਹੀਨਿਆਂ ਤੋਂ ਵੱਧ ਸਮੇਂ ਤੋਂ ਜੇਲ੍ਹ ਵਿੱਚ ਹਨ। ਉਨ੍ਹਾਂ ਪੱਤਰ ਵਿੱਚ ਲਿਖਿਆ ਕਿ ਲਾਹੌਰ ਦੀ ਕੋਟ ਲਖਪਤ ਜੇਲ੍ਹ ਵਿੱਚ ਪੀਟੀਆਈ ਦਾ ਸਮਰਥਨ ਕਰਨ ਵਾਲੀ ਹਰ ਮਹਿਲਾ ਕੈਦੀ ਨੂੰ ਅਣਕਿਆਸੀ ਸਜ਼ਾ ਭੁਗਤਣੀ ਪਈ ਹੈ। ਸ਼ਾਹ ਨੇ ਕਿਹਾ ਕਿ ਇਨ੍ਹਾਂ ਮਹਿਲਾ ਕੈਦੀਆਂ ਦੀ ਬਾਹਰੀ ਦੁਨੀਆਂ ਤੱਕ ਕੋਈ ਪਹੁੰਚ ਨਹੀਂ ਹੈ ਅਤੇ ਉਹ ਆਪਣੀ ਦੁਰਦਸ਼ਾ ਸਾਂਝੀ ਕਰਨ ਵਿੱਚ ਅਸਮਰੱਥ ਹਨ। ਜੇਲ੍ਹ ਵਿੱਚ ਬੰਦ ਇਹ 18 ਔਰਤਾਂ ਸਿਰਫ਼ 18 ਔਰਤਾਂ ਨਹੀਂ ਹਨ, ਉਹ 18 ਘਰ, 18 ਪਰਿਵਾਰ ਹਨ ਅਤੇ ਅਣਗਿਣਤ ਜ਼ਿੰਦਗੀਆਂ ਪੂਰੀ ਤਰ੍ਹਾਂ ਤਬਾਹ ਹੋ ਗਈਆਂ ਹਨ।

ਸਿੱਖ ਸਪਿਰਚੂਅਲ ਸੈਂਟਰ ਟੋਰਾਂਟੋ ਵੱਲੋਂ
ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ
ਪ੍ਰਕਾਸ਼ ਪੁਰਬ ਨੂੰ ਸਮਰਪਿਤ
ਪ੍ਰਭਾਤ ਫੇਰੀ



28 ਅਕਤੂਬਰ ਤੋਂ 26 ਨਵੰਬਰ ਤੱਕ
ਹਰ ਸ਼ਨੀਵਾਰ ਅਤੇ ਐਤਵਾਰ
ਸਵੇਰ 5:00 ਤੋਂ 6:30 ਵਜੇ
ਗੁਰਦੁਆਰਾ ਸਿੱਖ ਸਪਿਰਚੁਅਲ ਸੈਂਟਰ ਤੋਂ ਰਵਾਨਾ ਹੋ ਕੇ ਸਮਾਪਤੀ ਗੁਰਦੁਆਰਾ ਸਾਹਿਬ ਹੀ ਹੋਵੇਗੀ।
SIKH SPIRITUAL CENTRE TORONTO
9 Carrier Dr, Etobicoke, ON M9V 4B2 | 416-746-6666

URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

CAMBRIDGE (Speedsville/Equestrian Way)
ਐਂਡ ਯੂਨਿਟ ਕਾਨ੍ਹਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
Mayfield Rd / Mcvean Dr / Gore Rd / Squire Ellis Dr / Countryside Dr / DENTISTRY

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com


ASIAN FOOD CENTRE
Diwali SALE
WE HAVE LARGE QUANTITY OF DIYA
www.AsianFoodCentre.com
27TH OCT TO 13TH NOV 2023
Fresh Fruits, Vegetables, Indian & Canadian Grocery
$11.99 MEERA WHOLE WHEAT ATTA
$13.99 SHER MULTIGRAIN ATTA
$12.99 QUALITY WHOLE WHEAT ATTA
$11.99 817 BASMATI RICE
$5.99 SHER BESAN
$12.99 MEERA BESAN
$2.49 SAFFRON
$1.99 SURATI SNACKS
$6.99 GURU JI BADAM & KESHARIA THANDAI SYRUP
$4.29 KHALSA PANEER
$4.99 TEZ MUSTARD OIL
$24.99 NANAK DESI GHEE
$24.99 VERKA DESI GHEE
$1.49 HALDIRAM ALOO BHUJIA, KHATTA MEETHA, TASTY NUTS, MOONG DAL
$4.99 ALMONDS
$2.99 BAMBINO VERMICELLI
$1.49 HALDIRAM BHELPURI
$3.29 DABUR MUSTARD OIL
$3.99 BRITANNIA CAKE RUSK
$3.99 BRITANNIA MASKA CHASKA
2 FOR $1 BRITANNIA NICE TIME
$4.29 HALDIRAM PANI PURI
$4.49 VIDYA PANI PURI
$2.49 HALDIRAM SOAN PAPDI
$10.99 VERKA BROWN SUGAR
$8.99 RED LABEL INDIA
$8.99 TEA INDIA
$9.99 WAGHBAKRI TEA
$8.99 TAPAL DANEDAR TEA
$2.49 POPULAR SAMOSA/SPRING ROLLS
$3.29 POPULAR PARATHA
$3.49 THAKAR MATAR KULCHA
$5.49 HALDIRAM FAMILY PACK NAAN
$1.49 SANTOSH NAAN
$6.99 TASTY FROZEN PEAS
$1.49 AASHIRVAAD PARATHA
$0.69 BRITANNIA GOOD DAY COOKIES
$2.79 RUBICON ASST. JUICE
$1.79 FROOTI
$7.99 SAVERA RASMALAI
$5.99 NANAK GULAB JAMUN
$7.99 APNA TASTE RASMALAI
$5.99 APNA TASTE GULAB JAMUN
$7.99 POPULAR PARATHA
$3.99 AAP KI PASANAD SOYA TIKKA CHAAP
$3.99 AAP KI PASANAD SOYA CHAAP
$5.99 SAVERA KHOA
$3.29 HALDIRAM KHARI BOONDI
WE HAVE LARGE QUANTITY OF DIYA & DIWALI ITEMS
Variety of Indian Sweets Available
ETOBICOKE 10 Westmore Dr. 416-740-3262
MISSISSAUGA 1075 Ceremonial Dr. 905-502-1600
BRAMPTON 621 Wanless Dr. 905-495-3336
BRAMPTON 2120 N Park Dr. 905-793-1338
BRAMPTON 80 Pertosa Dr. 905-460-0009
BRAMPTON 40 Airport RD & Lacoste Blvd. 905-794-8109
BRAMPTON 10510 Torbram Rd. 905-790-0030
BRAMPTON 10 Pannahill Dr. 905-913-8017
TOLL FREE 1-800-708-9232
We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media


LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY
WELCOME TO ALBERTA
H.K. MOVERS
LOCAL & LONG DISTANCE
416-524-6704
WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023 ThreeBest Rated Excellence
Call: 416.524.6704
www.hkmovers.ca
2023 ThreeBest Rated Certificate OF EXCELLENCE THREE BEST RATED
SAFE, RELIABLE AND EFFICIENT SERVICE AT THE BEST RATES